ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਐਤਵਾਰ, 25 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੯ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## 1 ਨਵੰਬਰ ਨੂੰ ਚੰਡੀਗੜ੍ਹ ਆਉਣਗੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ



**ਚੰਡੀਗੜ੍ਹ, 24 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਚੰਡੀਗੜ੍ਹ ਪੁਲਸ ਲਈ 1 ਨਵੰਬਰ ਯਾਨੀ ਐਤਵਾਰ ਦਾ ਦਿਨ ਖਾਸ ਹੋਣ ਜਾ ਰਿਹਾ ਹੈ।ਜਾਣਕਾਰੀ ਅਨੁਸਾਰ ਚੰਡੀਗੜ੍ਹ ਪੁਲਸ ਦੇ ਸਥਾਪਨਾ ਦਿਵਸ ਮੌਕੇ 'ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਸੂਤਰਾਂ ਮੁਤਾਬਕ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ 1 ਨਵੰਬਰ ਨੂੰ ਚੰਡੀਗੜ੍ਹ ਦੌਰੇ 'ਤੇ ਆ ਰਹੇ ਹਨ। ਇਸ ਦੌਰਾਨ ਉਹ ਚੰਡੀਗੜ੍ਹ ਪੁਲਸ ਦੁਆਰਾ ਆਯੋਜਿਤ ਸਥਾਪਨਾ ਦਿਵਸ ਸਮਾਰੋਹ ਵਿੱਚ ਸ਼ਾਮਲ ਹੋਣਗੇ। ਦੱਸਿਆ ਜਾ ਰਿਹਾ ਹੈ ਕਿ ਇਸ ਪ੍ਰੋਗਰਾਮ ਦੌਰਾਨ ਚੰਡੀਗੜ੍ਹ ਪੁਲਸ ਦੀਆਂ ਪ੍ਰਾਪਤੀਆਂ ਅਤੇ ਭਵਿੱਖ ਦੀਆਂ ਯੋਜਨਾਵਾਂ ਨੂੰ ਲੈ ਕੇ ਵੀ ਚਰਚਾ ਕੀਤੀ ਜਾਵੇਗੀ। ਕੇਂਦਰੀ ਗ੍ਰਹਿ ਮੰਤਰੀ ਦੇ ਦੌਰੇ ਨੂੰ ਲੈ ਕੇ ਪ੍ਰਸ਼ਾਸਨ ਵੱਲੋਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।

## ਝੋਟਾ ਕਤਲ ਕਾਂਡ : ਐਕਸ਼ਨ ਕਮੇਟੀ ਦਾ ਐਲਾਨ

# ਅੱਜ ਪੰਜਾਬ ਭਰ 'ਚ 'ਫੂਕੇ ਜਾਣਗੇ ਝਾੜੂ'

**ਮਾਨਸਾ, 24 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਪਰਵਿੰਦਰ ਸਿੰਘ ਝੋਟਾ ਮਾਮਲੇ ਵਿੱਚ ਪੰਜਾਬ ਸਰਕਾਰ ਵੱਲੋਂ ਬਣਾਈ ਗਈ 3 ਮੈਂਬਰੀ ਕਮੇਟੀ ਨੇ ਪਰਿਵਾਰ ਅਤੇ ਇਨਸਾਫ਼ ਕਮੇਟੀ ਵੱਲੋਂ ਰੱਖੀਆਂ ਗਈਆਂ 14 ਮੰਗਾਂ ਵਿੱਚੋਂ ਕੁਝ ਸਬੰਧੀ ਸਰਕਾਰ ਵੱਲੋਂ ਚੁੱਕੇ ਗਏ ਕਦਮਾਂ ਬਾਰੇ ਲਿਖਤੀ ਜਵਾਬ ਦਿੱਤਾ ਹੈ। ਇਸ ਤੋਂ ਬਾਅਦ ਇਨਸਾਫ਼ ਕਮੇਟੀ ਵੱਲੋਂ ਪ੍ਰਸ਼ਾਸਨ ਨਾਲ ਮੀਟਿੰਗ ਕੀਤੀ ਜਾਣੀ ਸੀ। ਇਸ ਦੌਰਾਨ ਇਨਸਾਫ਼ ਕਮੇਟੀ ਨੇ ਪ੍ਰੈੱਸ ਕਾਨਫਰੰਸ ਕਰਕੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਡੀਜੀਪੀ ਅਸਤੀਫ਼ਾ ਨਹੀਂ ਦਿੰਦੇ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ। ਇਸ ਦੇ ਨਾਲ ਹੀ ਪਰਵਿੰਦਰ ਸਿੰਘ ਝੋਟੇ ਦੀ ਪਤਨੀ ਮਨਪ੍ਰੀਤ ਕੌਰ ਅਤੇ ਇਨਸਾਫ ਕਮੇਟੀ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਰੋਸ ਵਜੋਂ ਆਉਣ ਵਾਲੀ 25 ਅਕਤੂਬਰ ਨੂੰ ਸੂਬੇ ਦੇ ਹਰੇਕ ਪਿੰਡ ਵਿੱਚ ਝਾੜੂ ਫੂਕੇ ਜਾਣ। ਉਨ੍ਹਾਂ ਕਿਹਾ ਕਿ ਬੀਤੀ 21 ਅਕਤੂਬਰ ਨੂੰ ਹੋਈ ਮੀਟਿੰਗ ਵਿਚ ਪ੍ਰਸਾਸ਼ਨ ਨੇ ਮਾਨਸਾ ਦੇ DSP ਤੇ ਡਰੱਗ ਇੰਸਪੈਕਟਰ ਨੂੰ ਸਸਪੈਂਡ ਕਰਨ ਦੀ ਗੱਲ ਕਹੀ ਸੀ ਜਿਸ 'ਤੇ ਤੁਰੰਤ ਕੋਈ ਅਮਲ ਨਹੀਂ ਕੀਤਾ ਗਿਆ ਪਰ ਅੱਜ ਇਸ ਸਸਪੈਂਸ਼ਨ ਦਾ ਆਰਡਰ ਜਾਰੀ ਕੀਤਾ ਗਿਆ ਹੈ। ਉਨ੍ਹਾਂ ਸਵਾਲ ਕੀਤਾ ਕੀ ਅਜਿਹਾ ਕਰਕੇ ਪ੍ਰਸਾਸ਼ਨ ਝੋਟਾ ਦੇ ਪਰਿਵਾਰ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ ? ਇਨ੍ਹਾਂ ਦੀ ਸਸਪੈਂਸ਼ਨ ਦੇ ਆਰਡਰ ਉਸੇ ਸਮੇਂ ਕਿਉਂ ਨਹੀਂ ਜਾਰੀ ਕੀਤੇ ਗਏ। ਕਮੇਟੀ ਦੇ ਆਗੂਆਂ ਨੇ ਕਿਹਾ ਕਿ ਜਦੋਂ ਵੀ ਤਿੰਨ ਮੈਂਬਰੀ ਕਮੇਟੀ ਅੱਗੇ ਮੁੱਖ ਮੰਤਰੀ ਅਤੇ ਡੀਜੀਪੀ ਦੇ ਅਸਤੀਫ਼ਿਆਂ ਦੀ ਮੰਗ ਰੱਖੀ ਜਾਂਦੀ ਹੈ ਤਾਂ ਇਹ ਕਹਿ ਦਿੱਤਾ ਜਾਂਦਾ ਹੈ ਕਿ ਇਹ ਮਾਮਲਾ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ। ਉਨ੍ਹਾਂ ਕਿਹਾ ਕਿ ਜੇਕਰ ਇਹ ਮੰਗ ਤਿੰਨ ਮੈਂਬਰੀ ਕਮੇਟੀ ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦੀ ਤਾਂ ਸਰਕਾਰ ਉਸ ਅਥਾਰਟੀ ਜਾਂ ਵਿਭਾਗ ਦੀ ਵੱਖਰੀ ਕਮੇਟੀ ਬਣਾ ਕੇ ਭੇਜੇ, ਜਿਸ ਦੇ ਅਧਿਕਾਰ ਖੇਤਰ ਵਿੱਚ ਇਹ ਮਾਮਲਾ ਆਉਂਦਾ ਹੈ, ਤਾਂ ਜੋ ਇਸ ਮੰਗ ਬਾਰੇ ਚਰਚਾ ਕੀਤੀ ਜਾ ਸਕੇ।



## ਸਰਕਾਰ ਨਾਲ ਸਹਿਮਤੀ ਮਗਰੋਂ ਰੋਡਵੇਜ਼ ਮੁਲਾਜ਼ਮਾਂ ਵੱਲੋਂ ਹੜਤਾਲ ਖ਼ਤਮ

**ਚੰਡੀਗੜ੍ਹ, 24 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਸਰਕਾਰੀ ਬੱਸਾਂ ਦਾ ਸਫ਼ਰ ਬੰਦ ਹੋਣ ਕਾਰਨ ਪਿਛਲੇ ਚਾਰ ਦਿਨਾਂ ਤੋਂ ਖੱਜਲ-ਖ਼ੁਆਰ ਹੋ ਰਹੇ ਮੁਸਾਫ਼ਰਾਂ ਦੀਆਂ ਔਕੜਾਂ ਅੱਜ ਉਸ ਵੇਲੇ ਖ਼ਤਮ ਹੋ ਗਈਆਂ, ਜਦੋਂ ਪੰਜਾਬ ਸਰਕਾਰ ਅਤੇ ਹੜਤਾਲੀ ਠੇਕਾ ਮੁਲਾਜ਼ਮਾਂ ਵਿਚਾਲੇ ਆਪਸੀ ਸਹਿਮਤੀ ਬਣ ਗਈ।ਪੀਆਰਟੀਸੀ, ਪਨਬੱਸ ਅਤੇ ਪੰਜਾਬ ਰੋਡਵੇਜ਼ ਦੇ ਕੰਟਰੈਕਟ ਮੁਲਾਜ਼ਮਾਂ ਦੀ ਚਾਰ ਦਿਨਾਂ ਤੋਂ ਚੱਲ ਰਹੀ ਹੜਤਾਲ ਪੰਜਾਬ ਦੇ ਵਿੱਤ ਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਹੋਈ ਗੱਲਬਾਤ ਤੋਂ ਬਾਅਦ ਸਮਾਪਤ ਹੋ ਗਈ ਹੈ। ਮੁਲਾਜ਼ਮ ਜਥੇਬੰਦੀਆਂ ਵੱਲੋਂ ਹੜਤਾਲ ਵਾਪਸ ਲੈਣ ਦੇ ਐਲਾਨ ਮਗਰੋਂ ਦੁਪਹਿਰ ਬਾਅਦ ਸੂਬੇ ਦੇ ਬਹੁਤੇ ਹਿੱਸਿਆਂ ਵਿੱਚ ਸਰਕਾਰੀ ਬੱਸ ਸੇਵਾਵਾਂ ਮੁੜ ਸ਼ੁਰੂ ਹੋ ਗਈਆਂ, ਜਿਸ ਨਾਲ ਆਮ ਜਨਤਾ ਨੂੰ ਵੱਡੀ ਰਾਹਤ ਮਿਲੀ ਹੈ। ਜ਼ਿਕਰਯੋਗ ਹੈ ਕਿ ਇਸ ਹੜਤਾਲ ਕਾਰਨ ਪੂਰੇ ਪੰਜਾਬ ਵਿੱਚ ਸਰਕਾਰੀ ਟਰਾਂਸਪੋਰਟ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋਈਆਂ ਸਨ।ਰੋਜ਼ਾਨਾ ਸਫ਼ਰ ਕਰਨ ਵਾਲੇ ਮੁਸਾਫ਼ਰਾਂ, ਖ਼ਾਸ ਕਰਕੇ ਸਕੂਲ-ਕਾਲਜਾਂ ਦੇ ਵਿਦਿਆਰਥੀਆਂ ਅਤੇ ਦਫ਼ਤਰੀ ਮੁਲਾਜ਼ਮਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਯੂਨੀਅਨ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਸਬੰਧੀ ਸਰਕਾਰ ਵੱਲੋਂ ਲਿਖਤੀ ਹੁਕਮ ਪ੍ਰਾਪਤ ਹੋਣ ਤੋਂ ਬਾਅਦ ਹੀ ਸੰਘਰਸ਼ ਖ਼ਤਮ ਕਰਨ ਦਾ ਫ਼ੈਸਲਾ ਲਿਆ ਗਿਆ ਹੈ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਪਟਿਆਲਾ ਸਥਿਤ ਪੀਆਰਟੀਸੀ ਦੇ ਮੁੱਖ ਦਫ਼ਤਰ ਦਾ ਦੌਰਾ ਕੀਤਾ ਅਤੇ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ।




## ਅਕਾਲੀ ਦਲ 'ਚ ਵਾਪਸੀ ਦੀਆਂ ਅਟਕਲਾਂ ਵਿਚਾਲੇ ਬੀਬੀ ਜਗੀਰ ਕੌਰ ਦੇ ਘਰ ਪਹੁੰਚੇ ਧਾਮੀ



**ਬੇਗੋਵਾਲ, 24 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੀ ਸਿਆਸਤ 'ਚ ਵੱਡੀ ਹਲਚਲ ਸਾਹਮਣੇ ਆਈ ਹੈ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅੱਜ ਬੇਗੋਵਾਲ ਵਿਖੇ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਦੇ ਗ੍ਰਹਿ ਵਿਖੇ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਬੀਬੀ ਜਗੀਰ ਕੌਰ ਅਤੇ ਯੁਵਰਾਜ ਭੁਪਿੰਦਰ ਸਿੰਘ ਨਾਲ ਮੁਲਾਕਾਤ ਕਰਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਮੁਲਾਕਾਤ ਮਗਰੋਂ ਚਰਚਾਵਾਂ ਨੇ ਫਿਰ ਜ਼ੋਰ ਫੜ ਲਿਆ ਹੈ ਕਿ ਬੀਬੀ ਜਗੀਰ ਕੌਰ ਸ਼੍ਰੋਮਣੀ ਅਕਾਲੀ ਦਲ ਵਿਚ ਵਾਪਸੀ ਕਰ ਸਕਦੇ ਹਨ। ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਬੀਬੀ ਜਗੀਰ ਕੌਰ ਦੇ ਜਵਾਈ ਯੁਵਰਾਜ ਭੁਪਿੰਦਰ ਸਿੰਘ ਦੇ ਪਿਤਾ ਸਰਦਾਰ ਜਗਜੀਤ ਸਿੰਘ ਦਾ ਦਿਹਾਂਤ ਹੋ ਗਿਆ ਸੀ। ਇਸ ਦੁੱਖਦਾਈ ਘਟਨਾ ਕਾਰਨ ਪਰਿਵਾਰ ਨੂੰ ਕਦੇ ਪੂਰਾ ਨਾ ਹੋਣ ਵਾਲਾ ਘਾਟਾ ਪਿਆ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਦੁੱਖ ਦੀ ਘੜੀ 'ਚ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦੇ ਦੁੱਖ ਸਾਂਝਾ ਕੀਤਾ ਅਤੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ। ਜ਼ਿਕਰਯੋਗ ਹੈ ਕਿ ਪਿਛਲੇ ਲੰਮੇ ਅਰਸੇ ਤੋਂ ਬੀਬੀ ਜਗੀਰ ਕੌਰ ਅਤੇ ਸ਼੍ਰੋਮਣੀ ਅਕਾਲੀ ਦਲ ਵਿਚਾਲੇ ਸੰਬੰਧ ਸੁਖਾਵੇਂ ਨਹੀਂ ਸਨ। ਕਿਉਂਕਿ ਬੀਬੀ ਜਗੀਰ ਕੌਰ ਅਤੇ ਮੌਜੂਦਾ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਆਹਮੋ-ਸਾਹਮਣੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲਈ ਉਮੀਦਵਾਰ ਸਨ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਉਮੀਦਵਾਰ ਸਨ, ਜਦਕਿ ਬੀਬੀ ਜਗੀਰ ਕੌਰ ਨੇ ਅਕਾਲੀ ਦਲ ਦਾ ਵਿਰੋਧ ਕਰਕੇ ਖ਼ੁਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲੜੀ ਸੀ। ਫਿਲਹਾਲ ਪਿਛਲੇ ਸਮੇਂ ਤੋਂ ਬੀਬੀ ਜਗੀਰ ਕੌਰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨਾਲ ਸੰਬੰਧ ਰੱਖਦੇ ਹਨ ਪਰ ਕੁਝ ਦਿਨਾਂ ਤੋਂ ਚਰਚਾ ਹੋ ਰਹੀ ਸੀ ਕਿ ਬੀਬੀ ਜਗੀਰ ਕੌਰ ਸ਼੍ਰੋਮਣੀ ਅਕਾਲੀ ਦਲ 'ਚ ਮੁੜ ਵਾਪਸੀ ਕਰ ਸਕਦੇ ਹਨ। ਜਿਸ ਦੀਆਂ ਚਰਚਾਵਾਂ 'ਚ ਸੱਚਾਈ ਨਜ਼ਰ ਆਉਣ ਲੱਗ ਗਈ ਹੈ, ਕਿਉਂਕਿ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਬੇਗੋਵਾਲ ਵਿਖੇ ਬੀਬੀ ਜਗੀਰ ਕੌਰ ਦੇ ਗ੍ਰਹਿ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਨੇ ਬੀਬੀ ਜਗੀਰ ਕੌਰ ਅਤੇ ਉਨ੍ਹਾਂ ਦੇ ਜਵਾਈ ਯੁਵਰਾਜ ਭੁਪਿੰਦਰ ਸਿੰਘ ਅਤੇ ਪਰਿਵਾਰ ਨਾਲ ਮੁਲਾਕਾਤ ਕੀਤੀ।

## ਪਰਵਿੰਦਰ ਝੋਟਾ ਮਾਮਲੇ ਵਿਚ ਨਵਾਂ ਵਿਵਾਦ, ਪਿਤਾ ਭੀਮ ਸਿੰਘ ਨੇ ਲਗਾਏ ਵੱਡੇ ਦੋਸ਼

**ਮਾਨਸਾ, 24 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਪਰਵਿੰਦਰ ਸਿੰਘ ਝੋਟਾ ਦੇ ਪਿਤਾ ਭੀਮ ਸਿੰਘ ਨੇ ਐੱਸ. ਐੱਸ. ਪੀ. ਮਾਨਸਾ ਦੇ ਕੰਮਕਾਜ 'ਤੇ ਸਵਾਲ ਚੁੱਕਦਿਆਂ ਤੁਰੰਤ ਟ੍ਰਾਂਸਫਰ ਦੀ ਮੰਗ ਕੀਤੀ ਹੈ।ਭੀਮ ਸਿੰਘ ਵੱਲੋਂ ਇਕ ਵੀਡੀਓ ਜਾਰੀ ਕਰਦਿਆਂ ਪੁਲਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਣ ਤੋਂ ਬਾਅਦ ਮਾਹੌਲ ਫਿਰ ਗਰਮਾ ਗਿਆ ਹੈ। ਪਰਿਵਾਰ ਵੱਲੋਂ ਲਗਾਤਾਰ ਇਸ ਮਾਮਲੇ ਵਿਚ ਇਨਸਾਫ਼ ਦੀ ਮੰਗ ਕੀਤੀ ਜਾ ਰਹੀ ਹੈ। ਹੁਣ ਐੱਸ. ਐੱਸ. ਪੀ. ਮਾਨਸਾ ਦੇ ਕੰਮਕਾਜ ਨੂੰ ਲੈ ਕੇ ਵੀ ਪਰਿਵਾਰ ਨੇ ਆਪਣੀ ਨਾਰਾਜ਼ਗੀ ਜ਼ਾਹਰ ਕੀਤੀ ਹੈ। ਝੋਟਾ ਦੇ ਪਿਤਾ ਨੇ ਵੀਡੀਓ ਵਿਚ ਐਲਾਨ ਕੀਤਾ ਕਿ ਪਰਿਵਾਰ ਐੱਸਐੱਸਪੀ ਦੀ ਮੌਜੂਦਗੀ ਵਿਚ ਸੂਬਾ ਸਰਕਾਰ ਵੱਲੋਂ ਗੱਲਬਾਤ ਲਈ ਬਣਾਈ ਗਈ ਕਮੇਟੀ ਨਾਲ ਮੀਟਿੰਗਾਂ ਵਿਚ ਸ਼ਾਮਲ ਨਹੀਂ ਹੋਵੇਗਾ। ਉਨ੍ਹਾਂ ਕਿਹਾ ਕਿ ਜਦੋਂ ਵੀ ਸਰਕਾਰ ਦੀ ਕਮੇਟੀ ਨੇ ਉਨ੍ਹਾਂ ਨੂੰ ਗੱਲਬਾਤ ਦਾ ਸੱਦਾ ਦਿੱਤਾ ਤਾਂ ਉਹ ਜ਼ਰੂਰ ਗਏ ਹਨ ਪਰ ਪ੍ਰਸ਼ਾਸਨ ਨਾਲ ਮੀਟਿੰਗਾਂ ਦੌਰਾਨ ਪਰਿਵਾਰ ਨਾਲ ਅਪਮਾਨਜਨਕ ਵਿਵਹਾਰ ਕੀਤਾ ਜਾ ਰਹਾ ਸੀ। ਉਨ੍ਹਾਂ ਨੇ ਕੁਝ ਅਧਿਕਾਰੀਆਂ ਕੀਤੀ ਗਈ ਮੁਅੱਤਲੀ 'ਤੇ ਵੀ ਸਵਾਲ ਚੁੱਕੇ ਅਤੇ ਮੰਗ ਕੀਤੀ ਕਿ ਮੁਅੱਤਲੀ ਦੇ ਹੁਕਮਾਂ ਦੀਆਂ ਕਾਪੀਆਂ ਉਨ੍ਹਾਂ ਨੂੰ ਮੁਹੱਈਆ ਕਰਵਾਈਆਂ ਜਾਣ। ਉਨ੍ਹਾਂ ਦੋਸ਼ ਲਾਇਆ ਕਿ ਹੁਣ ਤੱਕ ਕੀਤੀ ਕਾਰਵਾਈ ਨਾਕਾਫੀ ਹੈ ਅਤੇ ਸਬੰਧਤ ਅਧਿਕਾਰੀਆਂ ਦੀ ਭੂਮਿਕਾ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਣੀ ਚਾਹੀਦੀ ਹੈ।ਭੀਮ ਸਿੰਘ ਨੇ ਐੱਸਐੱਸਪੀ ਦੇ ਤਬਾਦਲੇ ਦੀ ਮੰਗ ਕਰਦਿਆਂ ਦੋਸ਼ ਲਾਇਆ ਕਿ ਗੱਲਬਾਤ ਦੌਰਾਨ ਅਧਿਕਾਰੀ ਦੀ ਮੌਜੂਦਗੀ ਪਰਿਵਾਰ ਅਤੇ ਧਰਨਾਕਾਰੀਆਂ ਨੂੰ ਪ੍ਰਵਾਨ ਨਹੀਂ ਹੈ। ਉਨ੍ਹਾਂ ਕਿਹਾ ਕਿ ਕਮੇਟੀ ਕੋਈ ਫੈਸਲਾ ਲੈਣ ਤੋਂ ਪਹਿਲਾਂ ਸੰਘਰਸ਼ ਦੇ ਹੋਰ ਮੈਂਬਰਾਂ ਨਾਲ ਸਲਾਹ-ਮਸ਼ਵਰਾ ਕਰੇਗੀ। ਉਨ੍ਹਾਂ ਇਹ ਵੀ ਕਿਹਾ ਕਿ ਉਹ ਮਾਮਲੇ ਨੂੰ ਲੰਮਾ ਨਹੀਂ ਖਿੱਚਣਾ ਚਾਹੁੰਦੇ।



## ਲੁਧਿਆਣਾ 'ਚ ਸਨਸਨੀ, ਘਰ ਵਿੱਚ ਵੜ ਕੇ ਵਿਅਕਤੀ ਦਾ ਵਢਿਆ ਹੱਥ, ਲਿਫਾਫੇ 'ਚ ਪਾ ਕੇ ਦਿੱਤਾ ਦੁਕਾਨਦਾਰ ਨੂੰ, ਇਲਾਜ ਦੌਰਾਨ ਨੌਜਵਾਨ ਦੀ ਮੌਤ

**ਲੁਧਿਆਣਾ, 24 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਲੁਧਿਆਣਾ 'ਚ ਸਨਸਨੀ, ਘਰ ਵਿੱਚ ਵੜ ਕੇ ਵਿਅਕਤੀ ਦਾ ਵਢਿਆ ਹੱਥ, ਲਿਫਾਫੇ 'ਚ ਪਾ ਕੇ ਦਿੱਤਾ ਦੁਕਾਨਦਾਰ ਨੂੰਲੁਧਿਆਣਾ 'ਚ ਸਨਸਨੀ, ਘਰ ਵਿੱਚ ਵੜ ਕੇ ਵਿਅਕਤੀ ਦਾ ਵਢਿਆ ਹੱਥ, ਲਿਫਾਫੇ 'ਚ ਪਾ ਕੇ ਦਿੱਤਾ ਦੁਕਾਨਦਾਰ ਨੂੰਜਾਣਕਾਰੀ ਮੁਤਾਬਕ ਬਾਗੀ ਸਟੈਂਡ 'ਤੇ ਸਥਿਤ ਇਕ ਕਰਿਆਨਾ ਸਟੋਰ 'ਤੇ ਦੁਕਾਨਦਾਰ ਰੋਜ਼ਾਨਾ ਵਾਂਗ ਆਪਣੀ ਦੁਕਾਨਦਾਰੀ ਕਰ ਰਿਹਾ ਸੀ। ਉਦੋਂ ਹੀ ਇਕ ਮੋਟਰਸਾਈਕਲ 'ਤੇ ਸਵਾਰ ਹੋ ਕੇ ਅਣਪਛਾਤੇ ਨੌਜਵਾਨ ਦੁਕਾਨ ਦੇ ਸਾਹਮਣੇ ਆ ਕੇ ਰੁਕੇ। ਬਾਈਕ ਸਵਾਰ ਨੌਜਵਾਨਾਂ ਨੇ ਦੁਕਾਨਦਾਰ ਵੱਲ ਇਕ ਚਿੱਟੇ ਰੰਗ ਦਾ ਲਿਫ਼ਾਫ਼ਾ ਵਧਾਉਂਦੇ ਹੋਏ ਕਿਹਾ ਕਿ ਇਹ ਲਿਫ਼ਾਫ਼ਾ ਆਪਣੇ ਗੁਆਂਢੀਆਂ ਨੂੰ ਸੌਂਪ ਦੇਣਾ ਅਤੇ ਉਨ੍ਹਾਂ ਨੂੰ ਇਹ ਸੁਨੇਹਾ ਵੀ ਦੇ ਦੇਣਾ ਕਿ ਜੇਕਰ ਉਹ ਨਾ ਸੁਧਰੇ ਤਾਂ ਉਨ੍ਹਾਂ ਦਾ ਵੀ ਇਹੋ ਹਾਲ ਹੋਵੇਗਾ। ਇਹ ਖੌਫ਼ਨਾਕ ਚੇਤਾਵਨੀ ਦੇ ਕੇ ਮੁਲਜ਼ਮ ਤੇਜ਼ੀ ਨਾਲ ਬਾਈਕ ਭਗਾ ਕੇ ਮੌਕੇ ਤੋਂ ਫ਼ਰਾਰ ਹੋ ਗਏ। ਬਦਮਾਸ਼ਾਂ ਦੇ ਜਾਣ ਤੋਂ ਬਾਅਦ ਜਦੋਂ ਦੁਕਾਨਦਾਰ ਨੇ ਸ਼ੱਕ ਹੋਣ 'ਤੇ ਉਸ ਚਿੱਟੇ ਲਿਫ਼ਾਫ਼ੇ ਨੂੰ ਖੋਲ੍ਹਿਆ, ਤਾਂ ਖੌਫ਼ਨਾਕ ਮੰਜ਼ਰ ਦੇਖ ਕੇ ਉਸ ਦੀ ਚੀਕ ਨਿਕਲ ਗਈ। ਲਿਫ਼ਾਫ਼ੇ ਦੇ ਅੰਦਰ ਇਕ ਵਿਅਕਤੀ ਦਾ ਗੁੱਟ ਦੇ ਕੋਲੋਂ ਕੱਟਿਆ ਹੋਇਆ ਹੱਥ ਪਿਆ ਸੀ, ਜਿਸ ਵਿਚੋਂ ਖ਼ੂਨ ਵੱਗ ਰਿਹਾ ਸੀ। ਦੁਕਾਨਦਾਰ ਦਾ ਰੌਲਾ ਸੁਣ ਕੇ ਆਸ-ਪਾਸ ਦੇ ਦੁਕਾਨਦਾਰ ਅਤੇ ਸਥਾਨਕ ਨਿਵਾਸੀ ਮੌਕੇ 'ਤੇ ਇਕੱਠੇ ਹੋ ਗਏ। ਦੇਖਦਿਆਂ ਹੀ ਦੇਖਦਿਆਂ ਪੂਰੇ ਇਲਾਕੇ ਵਿਚ ਦਹਿਸ਼ਤ ਦਾ ਮਾਹੌਲ ਬਣ ਗਿਆ ਅਤੇ ਲੋਕ ਆਪਣੀ ਸੁਰੱਖਿਆ ਨੂੰ ਲੈ ਕੇ ਸਹਿਮ ਗਏ।ਮੁੱਢਲੀ ਜਾਂਚ ਅਤੇ ਸਥਾਨਕ ਸਰੋਤਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਇਸ ਸਨਸਨੀਖੇਜ਼ ਵਾਰਦਾਤ ਦੇ ਤਾਰ ਰੇਡੂ ਸਾਹਿਬ ਗੁਰਦੁਆਰਾ ਸਾਹਿਬ ਦੇ ਕੋਲ ਸਵੇਰੇ ਹੋਏ ਇਕ ਵਿਵਾਦ ਨਾਲ ਜੁੜਦੇ ਨਜ਼ਰ ਆ ਰਹੇ ਹਨ। ਦੱਸਿਆ ਜਾ ਰਿਹਾ ਹੈ ਕਿ ਸ਼ਨੀਵਾਰ ਸਵੇਰੇ ਰੇਡੂ ਸਾਹਿਬ ਦੇ ਕੋਲ ਦੋ ਧਿਰਾਂ ਵਿਚਕਾਰ ਖ਼ੂਨੀ ਤਕਰਾਰ ਅਤੇ ਹਿੰਸਕ ਝੜਪ ਹੋਈ ਸੀ। ਖ਼ਦਸ਼ਾ ਜਤਾਇਆ ਜਾ ਰਿਹਾ ਹੈ ਕਿ ਉਸੇ ਝਗੜੇ ਦੌਰਾਨ ਤੇਜ਼ਧਾਰ ਹਥਿਆਰਾਂ ਨਾਲ ਵਾਰ ਕਰਕੇ ਕਿਸੇ ਨੌਜਵਾਨ ਦਾ ਹੱਥ ਸਰੀਰ ਤੋਂ ਵੱਖ ਕਰ ਦਿੱਤਾ ਗਿਆ ਸੀ। ਹਾਲਾਂਕਿ, ਜਿਸ ਵਿਅਕਤੀ ਦਾ ਹੱਥ ਕੱਟਿਆ ਗਿਆ ਹੈ, ਉਹ ਜ਼ਖ਼ਮੀ ਨੌਜਵਾਨ ਅਜੇ ਤੱਕ ਲਾਪਤਾ ਹੈ ਅਤੇ ਉਸ ਦਾ ਕੋਈ ਸੁਰਾਗ ਨਹੀਂ ਮਿਲ ਸਕਿਆ ਹੈ।






## 25 ਅਕਤੂਬਰ ਨੂੰ ਹਰ ਪਿੰਡ, ਹਰ ਸ਼ਹਿਰ ਵਿੱਚ ਝਾੜੂ ਫੂਕੋ ਮੁਹਿੰਮ ਦਾ

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਮਰਥਨ

### ਪੰਜਾਬੀਆਂ ਨੂੰ ਖੁੱਲ੍ਹੀ ਅਪੀਲ

ਬ੍ਰਮਿੰਘਮ - ਇੰਗਲੈਂਡ - (ਆਵਾਜਿ ਕੌਮ ਬਿਊਰੋ) ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਭਾਈ ਰਘਬੀਰ ਸਿੰਘ ਪ੍ਰਧਾਨ, ਭਾਈ ਪਰਮਜੀਤ ਸਿੰਘ ਢਾਡੀ ਅੰਤਰਰਾਸ਼ਟਰੀ ਆਰਗੇਨਾਈਜ਼ਰ, ਭਾਈ ਕਪਤਾਨ ਸਿੰਘ ਜਨਰਲ ਸਕੱਤਰ ਅਤੇ ਮੁੱਖ ਬੁਲਾਰਾ, ਅਤੇ ਬਾਬਾ ਬਘੇਲ ਸਿੰਘ ਜਥੇਦਾਰ ਧਾਰਮਿਕ ਵਿੰਗ ਇੰਗਲੈਂਡ ਅਤੇ ਯੂਰਪ ਵੱਲੋਂ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਗਿਆ ਹੈ ਕਿ ਸ਼ਹੀਦ ਭਾਈ ਪਰਵਿੰਦਰ ਸਿੰਘ ਝੋਟਾ ਵੱਲੋਂ ਜੋ ਕੌਮੀ ਜਾਗਰੂਕਤਾ ਅਤੇ ਨਸ਼ਿਆਂ, ਭ੍ਰਿਸ਼ਟਾਚਾਰ ਅਤੇ ਪੰਜਾਬ ਵਿਰੋਧੀ ਤਾਕਤਾਂ ਖਿਲਾਫ ਆਵਾਜ਼ ਬੁਲੰਦ ਕੀਤੀ ਗਈ ਸੀ, ਉਸ ਸੋਚ ਨੂੰ ਅੱਗੇ ਵਧਾਉਂਦਿਆਂ ਪਰਵਿੰਦਰ ਝੋਟਾ ਐਕਸ਼ਨ ਕਮੇਟੀ ਵੱਲੋਂ 25 ਅਕਤੂਬਰ ਨੂੰ ਹਰ ਪਿੰਡ ਹਰ ਸ਼ਹਿਰ ਵਿੱਚ ਝਾੜੂ ਫੂਕਣ ਦਾ ਜੋ ਐਲਾਨ ਕੀਤਾ ਗਿਆ ਹੈ, ਉਸ ਦਾ ਇੰਟਰਨੈਸ਼ਨਲ ਪੰਥਕ ਦਲ ਪੂਰਨ ਤੌਰ ਤੇ ਸਮਰਥਨ ਕਰਦਾ ਹੈ। ਆਗੂਆਂ ਨੇ ਕਿਹਾ ਕਿ ਝਾੜੂ ਸਿਰਫ ਇੱਕ ਨਿਸ਼ਾਨ ਨਹੀਂ, ਇਹ ਉਸ ਰਾਜਨੀਤਿਕ ਸਿਸਟਮ ਦੇ ਖਿਲਾਫ ਰੋਸ ਹੈ ਜਿਸ ਨੇ ਪੰਜਾਬ ਨੂੰ ਲੁੱਟਿਆ ਹੈ, ਨੌਜਵਾਨਾਂ ਨੂੰ ਨਸ਼ਿਆਂ ਵੱਲ ਧੱਕਿਆ ਹੈ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਭੁਲਾ ਦਿੱਤਾ ਹੈ।

**ਇੰਟਰਨੈਸ਼ਨਲ ਪੰਥਕ ਦਲ ਦੀ ਪੰਜਾਬੀਆਂ ਨੂੰ ਅਪੀਲ:**

1. 25 ਅਕਤੂਬਰ ਨੂੰ ਆਪਣੇ ਪਿੰਡ, ਆਪਣੇ ਸ਼ਹਿਰ, ਆਪਣੇ ਘਰ ਦੇ ਬਾਹਰ ਇਕੱਠੇ ਹੋ ਕੇ ਝਾੜੂ ਫੂਕ ਕੇ ਇਸ ਭ੍ਰਿਸ਼ਟ ਤੰਤਰ ਖਿਲਾਫ ਆਪਣਾ ਰੋਸ ਜ਼ਾਹਰ ਕਰੋ।
2. ਸ਼ਹੀਦ ਭਾਈ ਪਰਵਿੰਦਰ ਸਿੰਘ ਝੋਟਾ ਦੀ ਸੋਚ ਨੂੰ ਘਰ-ਘਰ ਪਹੁੰਚਾਓ।
3. ਇਸ ਮੁਹਿੰਮ ਦੀਆਂ ਫੋਟੋਆਂ ਅਤੇ ਵੀਡੀਓਜ਼ ਸੋਸ਼ਲ ਮੀਡੀਆ ਤੇ #JharooFukoMuhim #JusticeForJhota ਨਾਲ ਸ਼ੇਅਰ ਕਰੋ। **ਅਸੀਂ ਸਮੂਹ ਪੰਜਾਬੀਆਂ, ਪੰਥਕ ਜਥੇਬੰਦੀਆਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਨੌਜਵਾਨਾਂ ਨੂੰ ਅਪੀਲ ਕਰਦੇ ਹਾਂ ਕਿ ਉਹ ਇਸ ਕੰਪੇਨ ਦਾ ਸਾਥ ਦੇਣ।**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਪੰਥ ਦੀ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ

ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛੱਕੋ / Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਿਹ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net


---


ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


SANDWELL
NAGAR KIRTAN
ਨਗਰ ਕੀਰਤਨ
DHAN DHAN SRI GURU NANAK DEV JI PARKASH PURAB
SUNDAY 1ST NOVEMBER 2026
GURDWARA GURU HAR RAI SAHIB JI START 9:00AM
George Street, West Bromwich
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ ਅਰੰਭਤਾ: ੯:੦੦ ਵਜੇ
ਜਰੋਜ ਸਟਰੀਟ, ਵੈਸਟ ਬ੍ਰਮਮਿਚ
GURU NANAK GURDWARA 11:00AM
Edward Street, West Bromwich
ਗੁਰੂ ਨਾਨਕ ਗੁਰਦੁਆਰਾ ੧੧:੦੦ ਵਜੇ
ਐਡਵਰਡ ਸਟਰੀਟ, ਵੈਸਟ ਬ੍ਰਮਮਿਚ
GURDWARA AMRIT PARCHAR DHARMIK DIWAN 1:00PM
Birmingham Road, Oldbury
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧:੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
GURDWARA GURU MANEYO GRANTH 2:00PM
Popes Lane, Oldbury
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨:੦੦ ਵਜੇ
ਪੋਪਸ ਲੇਨ, ਓਲਡਬਰੀ
GURDWARA BABA SANG 3:15PM
St. Paul's Road, Smethwick
ਗੁਰਦੁਆਰਾ ਬਾਬਾ ਸੰਗ ਜੀ ੩:੧੫ ਵਜੇ
ਸਟ, ਪੋਲਜ ਰੋਡ, ਸਮੈਦਿਕ
GURU NANAK GURDWARA SMETHWICK 4:00PM
High Street, Smethwick
ਗੁਰੂ ਨਾਨਕ ਗੁਰਦੁਆਰਾ ੪:੦੦ ਵਜੇ
ਸਮੈਦਿਕ
GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527
ਆਵਾਜ਼ਿ ਕੌਮ AWAZE QAUM
International Newspaper & WEB TV
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
Sandwell


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ
AWAZE QAUM
International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar


ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:- 25, ਅਤੇ 26 ਅਕਤੂਬਰ ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ ਦੀਵਾਨ
27 ਅਕਤੂਬਰ ਨੂੰ ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ ਸਮਾਗਮ
ਬਾਬਾ ਸੁਖਵਿੰਦਰ ਸਿੰਘ ਜੀ (ਘੱਗੇ ਵਾਲੇ)
ਗਿਆਨੀ ਰਵਿੰਦਰ ਸਿੰਘ (ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ (ਹੈਡ ਗ੍ਰੰਥੀ ਗੁ: ਨਾਢਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ (ਖਤਰ)
ਬਾਬਾ ਬਲਜੀਤ ਸਿੰਘ ਜੀ (ਫੱਕਰ)
ਬਾਬਾ ਦਰਸ਼ਨ ਸਿੰਘ ਜੀ
ਗਿਆਨੀ ਦਇਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ (ਹਜ਼ੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ (ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ


7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ 23 ਅਕਤੂਬਰ 2026 ਸਵੇਰੇ 10 ਵਜੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ 25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ ਮੁਫਤ ਲਗਾਈ ਜਾਵੇਗੀ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਖੂਨਦਾਨ ਕੈਂਪ 23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ 5 ਦਿਨ
DARVESH TV
LIVE ON
ਸੰਪਰਕ :- 62845-76824 94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ ਸੰਤ ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ ਵਾਲੇ
ਬੇਨਤੀ ਕਰਤਾ :- ਬਾਬਾ ਇਸ਼ਰ ਸਿੰਘ ਜੀ ਸੰਗਤਪੁਰੇ ਵਾਲੇ ਅਤੇ ਸਮੂਹ ਇਲਾਕਾ ਨਿਵਾਸੀ ਪਿੰਡ ਸੰਗਤਪੁਰਾ





## ਇੱਕ ਔਰਤ ਨਹੀਂ, ਹੌਸਲੇ ਦੀ ਜਿਉਂਦੀ ਮਿਸਾਲ

# ਬੀਬੀ ਮਨਪ੍ਰੀਤ ਕੌਰ

-ਰਾਗੀ ਅਮਨਦੀਪ ਕੌਰ ਮਜੀਠਾ



**ਇਤਿਹਾਸ** ਗਵਾਹ ਹੈ ਕਿ ਜਦੋਂ ਜ਼ੁਲਮ ਦੀਆਂ ਹੱਦਾਂ ਟੱਪ ਜਾਂਦੀਆਂ ਹਨ, ਤਾਂ ਕੌਮ ਦੀਆਂ ਧੀਆਂ ਸਿਰਫ਼ ਵੈਣ ਨਹੀਂ ਪਾਉਂਦੀਆਂ, ਉਹ ਇਤਿਹਾਸ ਦੇ ਵਰਕੇ ਵੀ ਬਦਲ ਦਿੰਦੀਆਂ ਹਨ। ਜਿਹੜੀ ਔਰਤ ਆਪਣੇ ਹੰਝੂਆਂ ਨੂੰ ਆਪਣੀ ਕਮਜ਼ੋਰੀ ਨਹੀਂ, ਸਗੋਂ ਇਨਸਾਫ਼ ਦੀ ਆਵਾਜ਼ ਬਣਾ ਲਵੇ, ਉਸ ਨੂੰ ਕਮਜ਼ੋਰ ਨਹੀਂ ਕਿਹਾ ਜਾ ਸਕਦਾ। ਉਹ ਤਾਂ ਹੌਸਲੇ ਦੀ ਉਹ ਮਿਸਾਲ ਬਣ ਜਾਂਦੀ ਹੈ, ਜਿਸ ਤੋਂ ਆਉਣ ਵਾਲੀਆਂ ਪੀੜ੍ਹੀਆਂ

ਆਵਾਜ਼ਿ ਕੌਮ AWAZE QAUM
International Newspaper & WEB TV

ਤਾਕਤ ਲੈਂਦੀਆਂ ਹਨ। ਭਾਈ ਪਰਵਿੰਦਰ ਸਿੰਘ ਝੋਟੇ ਦੀ ਮੌਤ ਨੇ ਇੱਕ ਪਤਨੀ ਤੋਂ ਉਸ ਦਾ ਸਾਥੀ ਖੋਹਿਆ ਹੈ, ਪਰ ਉਸ ਦੀ ਇਨਸਾਫ਼ ਲਈ ਉੱਠਦੀ ਆਵਾਜ਼ ਦੱਸਦੀ ਹੈ ਕਿ ਇਹ ਲੜਾਈ ਹੁਣ ਸਿਰਫ਼ ਇੱਕ ਪਰਿਵਾਰ ਦੀ ਨਹੀਂ ਰਹੀ। ਇਹ ਲੜਾਈ ਉਸ ਹਰ ਮਾਂ ਦੀ ਹੈ, ਜਿਸ ਦਾ ਪੁੱਤ ਨਸ਼ਿਆਂ ਦੀ ਭੇਟ ਚੜ੍ਹ ਰਿਹਾ ਹੈ ਉਸ ਹਰ ਭੈਣ ਦੀ ਹੈ, ਜਿਸ ਦਾ ਵੀਰ ਗ.ਲਤ ਸੰਗਤਾਂ ਵਿੱਚ ਰੁਲ ਰਿਹਾ ਹੈ ਅਤੇ ਉਸ ਹਰ ਪਰਿਵਾਰ ਦੀ ਹੈ, ਜਿਹੜਾ ਆਪਣੇ ਬੱਚਿਆਂ ਲਈ ਨਸ਼ਾ-ਮੁਕਤ ਪੰਜਾਬ ਦੇ ਸੁਪਨੇ ਦੇਖਦਾ ਹੈ। ਬੀਬੀ ਮਨਪ੍ਰੀਤ ਕੌਰ ਦੀ ਲੜਾਈ ਨੂੰ ਸਿਰਫ਼ ਇੱਕ ਵਿਧਵਾ ਦੀ ਲੜਾਈ ਨਾ ਸਮਝਿਆ ਜਾਵੇ। ਇਹ ਉਸ ਔਰਤ ਦੀ ਲੜਾਈ ਹੈ, ਜਿਸ ਦੇ ਦਿਲ ਵਿੱਚ ਆਪਣੇ ਜੀਵਨ ਸਾਥੀ ਦੀਆਂ ਯਾਦਾਂ ਹਨ, ਅੱਖਾਂ ਵਿੱਚ ਵਿਛੋੜੇ ਦੇ ਹੰਝੂ ਹਨ, ਪਰ ਸੀਨੇ ਵਿੱਚ ਇਨਸਾਫ਼ ਦੀ ਉਮੀਦ ਅਜੇ ਵੀ ਜਿਉਂਦੀ ਹੈ। ਆਪਣੇ ਪਤੀ ਨੂੰ ਗੁਆਉਣ ਦਾ ਦੁੱਖ ਸ਼ਾਇਦ ਕੋਈ ਸ਼ਬਦ ਬਿਆਨ ਨਹੀਂ ਕਰ ਸਕਦੇ, ਪਰ ਉਸ ਦੁੱਖ ਦੇ ਬਾਵਜੂਦ ਇਨਸਾਫ਼ ਦੀ ਮੰਗ ਤੇ ਅਡੋਲ ਰਹਿਣਾ ਆਪਣੇ ਆਪ ਵਿੱਚ ਬਹੁਤ ਵੱਡੇ ਹੌਸਲੇ ਦੀ ਗੱਲ ਹੈ।



ਮਾਈ ਭਾਗੋ ਜੀ ਦੇ ਵਾਰਸਾਂ ਦੀ ਧਰਤੀ ਤੇ ਅੱਜ ਇੱਕ ਅਜਿਹੀ ਧੀ ਖੜ੍ਹੀ ਹੈ, ਜਿਸ ਦੀਆਂ ਅੱਖਾਂ ਵਿੱਚ ਵਿਛੋੜੇ ਦੇ ਹੰਝੂ ਹਨ, ਪਰ ਜਿਸ ਦੇ ਹੌਸਲੇ ਵਿੱਚ ਜ਼ੁਲਮ ਅੱਗੇ ਝੁਕਣਾ ਨਹੀਂ। ਬੀਬੀ ਮਨਪ੍ਰੀਤ ਕੌਰ ਸਿਰਫ਼ ਆਪਣੇ ਪਤੀ ਲਈ ਇਨਸਾਫ਼ ਨਹੀਂ ਮੰਗ ਰਹੇ, ਉਹ ਉਸ ਪੰਜਾਬ ਲਈ ਵੀ ਆਵਾਜ਼ ਬੁਲੰਦ ਕਰ ਰਹੇ ਹਨ, ਜਿਸ ਦੀ ਜਵਾਨੀ ਨੂੰ ਬਚਾਉਣ ਲਈ ਉਨ੍ਹਾਂ ਦੇ ਜੀਵਨ ਸਾਥੀ ਨੇ ਸੰਘਰਸ਼ ਕੀਤਾ। ਉਨ੍ਹਾਂ ਦੀ ਹਿੰਮਤ ਸਾਨੂੰ ਦੱਸਦੀ ਹੈ ਕਿ ਸਿੱਖ ਔਰਤ ਦੀ ਤਾਕਤ ਸਿਰਫ਼ ਉਸ ਦੀ ਤਲਵਾਰ ਵਿੱਚ ਨਹੀਂ, ਉਸ ਦੇ ਸਿਦਕ, ਸਬਰ ਅਤੇ ਸੱਚ ਲਈ ਅਡੋਲ ਖੜ੍ਹੇ ਰਹਿਣ ਵਿੱਚ ਵੀ ਹੁੰਦੀ ਹੈ। ਮੇਰੇ ਵੱਡੇ ਭੈਣ ਜੀ, ਤੁਹਾਡਾ ਦੁੱਖ ਸਿਰਫ਼ ਤੁਹਾਡਾ ਨਹੀਂ ਰਿਹਾ ਇਹ ਪੰਜਾਬ ਦੀ ਜ਼ਮੀਰ ਦਾ ਸਵਾਲ ਬਣ ਗਿਆ ਹੈ। ਵਾਹਿਗੁਰੂ ਤੁਹਾਨੂੰ ਚੜ੍ਹਦੀ ਕਲਾ ਬਖ਼ਸ਼ਣ ਅਤੇ ਤੁਹਾਡੀ ਇਨਸਾਫ਼ ਦੀ ਆਵਾਜ਼ ਨੂੰ ਬੁਲੰਦ ਰੱਖਣ।

-ਰਾਗੀ ਅਮਨਦੀਪ ਕੌਰ ਮਜੀਠਾ

## ਦਸਮੇਸ਼ ਕਾਲਜ ਫਾਰ ਵਿਮਨ ਵਿਖੇ

# ਮਨਾਇਆ ਗਿਆ ਯੁਵਕ ਮੇਲਾ




**ਚੌਕ ਮਹਿਤਾ,24 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਮੰਨੀ ਪ੍ਰਮੰਨੀ ਸੰਸਥਾ ਦਸਮੇਸ਼ ਕਾਲਜ ਫਾਰ ਵਿਮਨ ਮਹਿਤਾ ਚੌਂਕ ਵਿਖੇ ਦੋ ਰੋਜ਼ਾ ਯੁਵਕ ਮੇਲਾ ਆਯੋਜਿਤ ਕੀਤਾ ਗਿਆ। ਜਿਸ ਵਿੱਚ ਗਿਆਰਵੀ ,ਬਾਰਵੀਂ,ਬੀ.ਏ. ਭਾਗ ਪਹਿਲਾ, ਦੂਜਾ, ਤੀਜਾ ਅਤੇ ਬੀ.ਕਾਮ ਭਾਗ ਪਹਿਲਾ, ਦੂਜਾ, ਤੀਜਾ ਦੀਆਂ ਵਿਦਿਆਰਥਣਾਂ ਨੇ ਭਾਗ ਲਿਆ। ਇਸ ਸਮਾਗਮ ਦੀ ਸ਼ੁਰੂਆਤ ਸੰਸਥਾ ਦੇ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ ਨੇ ਸ਼ਮ੍ਹਾ ਰੋਸ਼ਨ ਕਰ ਕੇ ਕੀਤੀ। ਯੂਥ ਮੇਲੇ ਦੌਰਾਨ ਪੰਜਾਬੀ ਸਭਿਆਚਾਰ ਦੀ ਮਹਿਕ ਬਿਖੇਰਦੇ ਹੋਏ ਵੱਖ-ਵੱਖ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਪਹਿਲੇ ਦਿਨ ਮਹਿੰਦੀ, ਪੇਂਟਿੰਗ, ਭਾਸ਼ਣ, ਸੁੰਦਰ ਲਿਖਾਈ, ਰੰਗੋਲੀ, ਮਟਕਾ ਸਜਾਵਟ, ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਦੂਜੇ ਦਿਨ ਫੈਂਸੀ ਡਰੈੱਸ, ਲੋਕ ਗੀਤ, ਸਮੀ, ਕੋਰੀਓਗ੍ਰਾਫੀ, ਗਰੁੱਪ ਡਾਂਸ, ਗਿੱਧਾ, ਭੰਗੜਾ ਕਰਵਾਏ ਗਏ। ਜਿਸ ਵਿੱਚ ਮੈ.ਰਵਿੰਦਰ ਕੌਰ,ਮੈ.ਰਵਨੀਤ ਕੌਰ,ਸਰ ਅੰਮ੍ਰਿਤਪਾਲ ਸਿੰਘ ਨੇ ਜੱਜਾਂ ਦੀ ਭੂਮਿਕਾ ਨਿਭਾਈ ।ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਪੰਜਾਬ ਦੇ ਪੁਰਾਤਨ ਪਹਿਰਾਵੇ ਨੂੰ ਦਰਸਾਉਂਦੀਆਂ ਝਾਕੀਆਂ ਪੇਸ਼ ਕੀਤੀਆਂ ਗਈਆਂ ਜੋ ਸਭ ਦੀ ਖਿੱਚ ਦਾ ਕੇਂਦਰ ਬਣੀਆਂ ।ਯੂਥ ਮੇਲੇ ਦੌਰਾਨ ਜੇਤੂ ਵਿਦਿਆਰਥੀਆਂ ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਸੰਸਥਾ ਦੇ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ ਨੇ ਬੱਚਿਆਂ ਨੂੰ ਸੰਦੇਸ਼ ਦਿੰਦੇ ਹੋਏ ਕਿਹਾ ਕਿ ਵਿਦਿਆਰਥੀਆਂ ਦੇ ਅੰਦਰੂਨੀ ਹੁਨਰ ਨੂੰ ਨਿਖਾਰਨ ਅਤੇ ਉਹਨਾਂ ਨੂੰ ਪੱਛਮੀ ਸੱਭਿਆਚਾਰ ਦੇ ਪ੍ਰਭਾਵ ਤੋਂ ਬਚਾ ਕੇ ਆਪਣੀਆਂ ਜੜ੍ਹਾਂ ਨਾਲ ਜੋੜਨ ਵਿੱਚ ਅਹਿਮ ਰੋਲ ਅਦਾ ਕਰਦੇ ਹਨ ।ਇਸ ਮੌਕੇ ਦੌਰਾਨ ਪ੍ਰਿੰਸੀਪਲ ਮੈ. ਗੁਰਬੀਰ ਕੌਰ,ਮੈ.ਹਰਪ੍ਰੀਤ ਕੌਰ,ਮੈ.ਅਨੁਦੀਪ ਕੌਰ,ਮੈ.ਸਰਬਜੀਤ ਕੌਰ,ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜਰ ਸਨ।

## ਯੁੱਧ ਨਸ਼ਿਆਂ ਵਿਰੁੱਧ: ਸਿਵਲ ਤੇ ਪੁਲਿਸ ਟੀਮਾਂ ਵੱਲੋਂ

# ਨਸ਼ਿਆਂ ਦੇ ਹੌਟਸਪੌਟ ਪਿੰਡਾਂ ਦੀ ਲਗਾਤਾਰ ਨਿਗਰਾਨੀ



**ਬਠਿੰਡਾ, 24 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਿਆਂ ਦੇ ਵੱਧ ਮਾਮਲੇ ਸਾਹਮਣੇ ਆਉਣ ਵਾਲੇ ਪਿੰਡਾਂ ਵਿੱਚ ਸਿਵਲ ਅਤੇ ਪੁਲਿਸ ਟੀਮਾਂ ਵੱਲੋਂ ਲਗਾਤਾਰ ਨਿਗਰਾਨੀ ਕੀਤੀ

**☛ ਨਸ਼ਿਆਂ ਤੋਂ ਪ੍ਰਭਾਵਿਤ ਪਿੰਡਾਂ ਵਿੱਚ ਅਣਵਰਤੀਆਂ ਇਮਾਰਤਾਂ ਦੀ ਕੀਤੀ ਜਾ ਰਹੀ ਹੈ ਸ਼ਨਾਖਤ ☛ ਡਿਪਟੀ ਕਮਿਸ਼ਨਰ ਤੇ ਐੱਸਐੱਸਪੀ ਵੱਲੋਂ ਹੌਟਸਪੌਟ ਪਿੰਡਾਂ ਵਿੱਚ ਚੱਲ ਰਹੇ ਕੰਮਾਂ ਦੀ ਵਿਸਥਾਰਪੂਰਵਕ ਸਮੀਖਿਆ**



ਜਾ ਰਹੀ ਹੈ। ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਐੱਸਐੱਸਪੀ ਬਠਿੰਡਾ ਸ੍ਰੀ ਸੁਹੇਲ ਕਾਸਿਮ ਮੀਰ ਨਾਲ ਇਨ੍ਹਾਂ ਪ੍ਰਭਾਵਿਤ ਪਿੰਡਾਂ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਸਮੀਖਿਆ ਕਰਦਿਆਂ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਵਿੱਚ ਅਣਵਰਤੀਆਂ ਅਤੇ ਛੱਡੀਆਂ ਹੋਈਆਂ ਇਮਾਰਤਾਂ ਨੂੰ ਖਾਲੀ ਕਰਵਾਉਣ ਅਤੇ ਉਨ੍ਹਾਂ ਦੀ ਸਫ਼ਾਈ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਇਨ੍ਹਾਂ ਖੇਤਰਾਂ ਵਿੱਚ ਪੁਰਾਣੀਆਂ ਸਰਕਾਰੀ ਅਤੇ ਨਿੱਜੀ ਇਮਾਰਤਾਂ ਸਮੇਤ ਅਜਿਹੀਆਂ ਨੁੱਕਰਾਂ ਅਤੇ ਥਾਵਾਂ ਨੂੰ ਸਾਫ਼ ਕੀਤਾ ਜਾ ਰਿਹਾ ਹੈ, ਜਿੱਥੇ ਨਸ਼ਾ ਤਸਕਰਾਂ ਅਤੇ ਨਸ਼ਿਆਂ ਦੇ ਆਦੀ ਵਿਅਕਤੀਆਂ ਨੂੰ ਲੁਕਣ ਲਈ ਥਾਂ ਮਿਲ ਸਕਦੀ ਹੈ। ਇਸ ਤੋਂ ਇਲਾਵਾ, ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ ਇਨ੍ਹਾਂ ਥਾਵਾਂ 'ਤੇ ਉੱਗੀਆਂ ਝਾੜੀਆਂ ਦੀ ਵੀ ਕਟਾਈ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਸ਼ਿਆਂ ਤੋਂ ਪ੍ਰਭਾਵਿਤ ਪਿੰਡਾਂ ਵਿੱਚ ਵਾਲੀਬਾਲ ਅਤੇ ਕ੍ਰਿਕਟ ਦੀਆਂ ਟੀਮਾਂ ਬਣਾਈਆਂ ਗਈਆਂ ਹਨ। ਉਨ੍ਹਾਂ ਕਿਹਾ, "ਖੇਡ ਵਿਭਾਗ ਵੱਲੋਂ ਇਨ੍ਹਾਂ ਟੀਮਾਂ ਨੂੰ ਲੋੜੀਂਦੀ ਸਹਾਇਤਾ ਦਿੱਤੀ ਜਾਵੇਗੀ ਅਤੇ ਜਲਦ ਹੀ ਅੰਤਰ-ਪਿੰਡ ਖੇਡ ਟੂਰਨਾਮੈਂਟ ਕਰਵਾਏ ਜਾਣਗੇ।" ਐੱਸਐੱਸਪੀ ਬਠਿੰਡਾ ਸ੍ਰੀ ਸੁਹੇਲ ਕਾਸਿਮ ਮੀਰ ਨੇ ਇਨ੍ਹਾਂ ਪਿੰਡਾਂ ਵਿੱਚ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਦੱਸਿਆ ਕਿ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਇਨ੍ਹਾਂ ਪਿੰਡਾਂ ਵਿੱਚ ਦਿਨ-ਰਾਤ ਕੰਮ ਕੀਤਾ ਜਾ ਰਿਹਾ ਹੈ। ਇਨ੍ਹਾਂ ਪਿੰਡਾਂ ਦੇ ਨੌਜਵਾਨਾਂ ਦੀ ਸ਼ਨਾਖਤ ਕੀਤੀ ਗਈ ਹੈ, ਜਿਨ੍ਹਾਂ ਨੂੰ ਥੋੜ੍ਹੇ ਸਮੇਂ ਦੇ ਹੁਨਰ ਸਿਖਲਾਈ ਕੋਰਸ ਕਰਵਾਏ ਜਾਣਗੇ, ਤਾਂ ਜੋ ਉਹ ਰੁਜ਼ਗਾਰ ਪ੍ਰਾਪਤ ਕਰਨ ਦੇ ਯੋਗ ਬਣ ਸਕਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਕੰਚਨ, ਉਪ ਮੰਡਲ ਮੈਜਿਸਟ੍ਰੇਟ, ਪੁਲਿਸ ਸੁਪਰਡੈਂਟ, ਡੀਐੱਸਪੀਜ਼, ਪੇਂਡੂ ਵਿਕਾਸ ਵਿਭਾਗ ਦੇ ਅਧਿਕਾਰੀ ਅਤੇ ਹੋਰ ਸਬੰਧਤ ਅਧਿਕਾਰੀ ਹਾਜ਼ਰ ਸਨ।

# ਸਿਵਲ ਸਰਜਨ ਡਾ. ਭਾਰਤੀ ਧਵਨ ਵੱਲੋਂ ਵੱਖ ਸਿਹਤ ਸੰਸਥਾਵਾਂ ਵਿੱਚ ਕੀਤੀ ਅਚਨਚੇਤ ਚੈਕਿੰਗ



**ਚੌਕ ਮਹਿਤਾ, 24 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੀਆਂ ਹਦਾਇਤਾ ਅਨੁਸਾਰ ਸਿਵਲ ਸਰਜਨ ਡਾ ਭਾਰਤੀ ਧਵਨ ਵਲੋਂ ਆਮ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਵਾਉਣ ਲਈ ਸਬ ਡਵੀਜਨਲ ਹਸਪਤਾਲ ਅਜਨਾਲਾ, ਅਰਬਨ ਪ੍ਰਾਇਮਰੀ ਹੈਲਥ ਸੈਂਟਰ ਢਾਬ ਖਟੀਕਾਂ ਅਤੇ ਭਗਤਾਂਵਾਲਾ ਵਿਖੇ ਅਚਨਚੇਤ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਨ ਉਹਨਾਂ ਵਲੋਂ ਦਵਾਈਆਂ ਦਾ ਸਟਾਕ, ਓ.ਪੀ.ਡੀ., ਵਾਰਡਾਂ, ਐਕਸ-ਰੇ, ਲੇਬਰ ਰੂਮ, ਬੱਲਡ ਬੈਂਕ, ਲੈਬ, ਐਮ.ਸੀ.ਐਚ. ਵਿਭਾਗ, ਐਨ ਸੀ ਡੀ ਰੂਮ, ਅਤੇ ਅਪ੍ਰੇਸ਼ਨ ਥੀਏਟਰ ਵਿਚ ਜਾ ਕੇ ਜਾਂਚ ਕੀਤੀ ਅਤੇ ਮਰੀਜਾਂ ਪਾਸੋਂ ਮੁਫਤ ਦਵਾਈਆਂ, ਲੈਬ ਟੈਸਟ, ਐਕਸ ਰੇ, ਦੀਆਂ ਸਹੂਲਤਾਂ ਸੰਬਧੀ ਪੁਛ-ਪੜਤਾਲ ਕੀਤੀ ਗਈ। ਇਸਤੋਂ ਇਲਾਵਾ ਸਟਾਫ ਦੀ ਹਾਜਰੀ, ਅਭਾ ਆਈ ਡੀ, ਐਮਐਮਐਸਵਾਈ ਆਦਿ ਬਾਰੇ ਬੜੇ ਵਿਸਥਾਰ ਨਾਲ ਜਾਂਚ ਕੀਤੀ ਅਤੇ ਮੌਕੇ ਤੇ ਹਦਾਇਤ ਕੀਤੀ ਕਿ ਸਾਰੀਆਂ ਦਵਾਈਆਂ ਹਸਪਤਾਲ ਵਿਚੋਂ ਹੀ ਉਪਲੱਬਧ ਕਰਵਾਈਆਂ ਜਾਣ, ਸਾਫ ਸਫਾਈ ਦਾ ਧਿਆਨ ਰੱਖਿਆ ਜਾਵੇ, ਸਮੇਂ ਦੇ ਪਾਬੰਦ ਰਹਿਆ ਜਾਵੇ ਅਤੇ ਸੇਵਾ ਭਾਵਨਾਂ ਨਾਲ ਕੰਮ ਕੀਤਾ ਜਾਵੇ। ਇਸ ਚੈਕਿੰਗ ਦੌਰਾਨ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ ਵੀ ਮੌਜੂਦ ਸਨ।

# ਮਾਲਵਾ ਜੋਨ ਦੇ ਪ੍ਰਚਾਰਕਾਂ, ਢਾਡੀ ਤੇ ਕਵੀਸ਼ਰ ਸਿੰਘਾਂ ਦੀ ਭਲਕੇ 25 ਅਕਤੂਬਰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਵੇਗੀ ਇਕੱਤਰਤਾ



**ਤਲਵੰਡੀ ਸਾਬੋ, 24 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਦਾ ਵਹੀਰ ਗੁਰਮਤਿ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਲਹਿਰ ਤਹਿਤ ਹਰ ਹਲਕੇ ਵਿਚ ਕੀਤੇ ਜਾਣ ਵਾਲੇ ਸਮਾਗਮਾਂ ਦੀ ਰੂਪ ਰੇਖਾ ਉਲੀਕਣ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਭਲਕੇ 25 ਅਕਤੂਬਰ ਨੂੰ ਸਵੇਰੇ 10:00 ਵਜੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਬਠਿੰਡਾ ਵਿਖੇ ਧਰਮ ਪ੍ਰਚਾਰ ਕਮੇਟੀ ਦੇ ਮਾਲਵਾ ਜੋਨ ਨਾਲ ਸਬੰਧਤ ਪ੍ਰਚਾਰਕਾਂ, ਢਾਡੀ ਤੇ ਕਵੀਸ਼ਰ ਸਿੰਘਾਂ ਦੀ ਇਕੱਤਰਤਾ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ ਨੇ ਦੱਸਿਆ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਚਲਦਾ ਵਹੀਰ ਗੁਰਮਤਿ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਲਹਿਰ ਆਰੰਭ ਕੀਤੀ ਗਈ ਹੈ, ਜਿਸ ਸਬੰਧੀ ਭਲਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਵਿਸ਼ੇਸ਼ ਇਕੱਤਰਤਾ ਰੱਖੀ ਗਈ ਹੈ। ਸ. ਧੰਗੇੜਾ ਨੇ ਕਿਹਾ ਕਿ ਇਸ ਲਹਿਰ ਨੌਜੁਆਨ ਪੀੜ੍ਹੀ ਨੂੰ ਸਿੱਖ ਇਤਿਹਾਸ ਤੇ ਮਰਯਾਦਾ ਨਾਲ ਜੋੜਨ, ਹਲਕਾ ਪੱਧਰ 'ਤੇ ਪਿੰਡਾਂ ਅੰਦਰ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਨ ਸਬੰਧੀ ਵਿਚਾਰਾਂ ਕੀਤੀਆਂ ਜਾਣਗੀਆਂ ਅਤੇ ਨੂੰ ਰੂਪ ਰੇਖਾ ਉਲੀਕੀ ਜਾਵੇਗੀ। ਸ. ਧੰਗੇੜਾ ਨੇ ਮਾਲਵਾ ਜੋਨ ਨਾਲ ਸਬੰਧਤ ਧਰਮ ਪ੍ਰਚਾਰ ਕਮੇਟੀ ਦੇ ਸਮੂਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਿੰਘਾਂ ਨੂੰ ਇਸ ਇਕੱਤਰਤਾ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ।

## ਭੋਗ ਤੇ ਵਿਸ਼ੇਸ਼

# ਦੇਸ਼ ਸੇਵਾ ਦੇ ਨਾਲ ਨਾਲ ਲੋਕ ਸੇਵਾ ਨੂੰ ਵੀ ਸਮਰਪਿਤ ਸਨ ਹੌਲਦਾਰ ਸੰਦੀਪ ਸਿੰਘ ਪੇਧਨੀ



ਧੂਰੀ ਤੋਂ ਪੰਜਾਬੀ ਅਖ਼ਬਾਰ ਦੇ ਸੀਨੀਅਰ ਪੱਤਰਕਾਰ ਹਰਨੇਕ ਸਿੰਘ ਪੇਧਨੀ ਦੇ ਸਪੁੱਤਰ ਹੌਲਦਾਰ ਸੰਦੀਪ ਸਿੰਘ ਪਿਛਲੇ ਦਿਨੀਂ ਸੜਕ ਹਾਦਸੇ ਦੌਰਾਨ ਅਚਾਨਕ ਸਦੀਵੀ ਵਿਛੋੜਾ ਦੇ ਗਏ ਸਨ। ਉਹ ਭਾਰਤੀ ਫੌਜ ਦੀ 17 ਪੂਨਾ ਹੌਰਸ ਰੈਜੀਮੈਂਟ ਵਿੱਚ ਸੇਵਾਵਾਂ ਨਿਭਾਅ ਰਹੇ ਸਨ। ਉਨ੍ਹਾਂ ਦੇ ਬੇਵਕਤੀ ਵਿਛੋੜੇ ਨਾਲ ਪਰਿਵਾਰ ਨੂੰ ਹੀ ਨਹੀਂ, ਸਗੋਂ ਸਮੁੱਚੇ ਇਲਾਕੇ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਹੌਲਦਾਰ ਸੰਦੀਪ ਸਿੰਘ ਸਾਲ 2003 ਵਿੱਚ ਭਾਰਤੀ ਫੌਜ ਵਿੱਚ ਭਰਤੀ ਹੋਏ ਸਨ। ਉਨ੍ਹਾਂ ਨੇ ਲੰਮਾ ਸਮਾਂ ਦੇਸ਼ ਦੀ ਸੇਵਾ ਕਰਦਿਆਂ ਆਪਣੀਆਂ ਜ਼ਿੰਮੇਵਾਰੀਆਂ ਤਨਦੇਹੀ ਨਾਲ ਨਿਭਾਈਆਂ। ਫੌਜ ਵਿੱਚ ਸੇਵਾ ਨਿਭਾਉਣ ਦੇ ਬਾਵਜੂਦ ਉਨ੍ਹਾਂ ਦਾ ਆਪਣੇ ਪਿੰਡ ਅਤੇ ਇਲਾਕੇ ਨਾਲ ਗੂੜ੍ਹਾ ਮੋਹ ਸੀ। ਉਹ ਲੋਕਾਂ ਦੇ ਦੁੱਖ-ਸੁੱਖ ਵਿੱਚ ਸ਼ਰੀਕ ਹੋਣ ਨੂੰ ਆਪਣਾ ਫਰਜ਼ ਸਮਝਦੇ ਸਨ। ਉਨ੍ਹਾਂ ਦੀ ਸ਼ਖ਼ਸੀਅਤ ਦਾ ਅਹਿਮ ਪੱਖ ਇਹ ਵੀ ਸੀ ਕਿ ਉਹ ਸਮਾਜਿਕ ਸਰੋਕਾਰਾਂ ਪ੍ਰਤੀ ਸੁਹਿਰਦ ਸਨ। ਇਲਾਕੇ ਵਿੱਚ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹਾਂ ਲਈ ਆਰਥਿਕ ਸਹਾਇਤਾ ਅਤੇ ਹੋਰ ਲੋਕ-ਪੱਖੀ ਕਾਰਜਾਂ ਵਿੱਚ ਉਹ ਆਪਣੇ ਪਿਤਾ ਹਰਨੇਕ ਸਿੰਘ ਪੇਧਨੀ ਰਾਹੀਂ ਯੋਗਦਾਨ ਪਾਉਂਦੇ ਰਹੇ। ਉਨ੍ਹਾਂ ਦਾ ਇਹ ਸੇਵਾ-ਭਾਵ ਅਤੇ ਲੋਕਾਂ ਨਾਲ ਲਗਾ ਹਮੇਸ਼ਾ ਯਾਦ ਕੀਤਾ ਜਾਂਦਾ ਰਹੇਗਾ ।ਅੱਜ ਹੌਲਦਾਰ ਸੰਦੀਪ ਸਿੰਘ ਨਮਿੱਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਦੇਹਲਾ ਸਾਹਿਬ, ਪਿੰਡ ਪੇਧਨੀ ਵਿਖੇ ਦੁਪਹਿਰ 12 ਵਜੇ ਤੋਂ 1 ਵਜੇ ਤੱਕ ਹੋਵੇਗਾ। ਇਸ ਮੌਕੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਵਿਛੜੀ ਰੂਹ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਜਾਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਸਟੇਲੀਆ ਵਿੱਚ ਖਾਲਸਾ ਇੰਟਰਨੈਸ਼ਨਲ ਸਕੂਲ ਦੇ ਪ੍ਰਿੰਸਿਪਲ ਡਾਕਟਰ ਜਤਿੰਦਰ ਸ਼ਰਮਾ ਦਾ ਸਨਮਾਨ

# ਵਿਦੇਸ਼ ਵਿੱਚ ਉੱਚ ਸਿੱਖਿਆ ਦੇ ਨਵੇਂ ਰਾਹ ਖੁੱਲ੍ਹੇ




**ਚੌਂਕ ਮਹਿਤਾ, 24 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਹਿਤਾ ਚੌਂਕ: ਇਲਾਕੇ ਲਈ ਬਹੁਤ ਹੀ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਦੇ ਖਾਲਸਾ ਇੰਟਰਨੈਸ਼ਨਲ ਸਕੂਲ ਨੂੰ ਆਸਟ੍ਰੇਲੀਅਨ ਬੋਰਡ ਵੱਲੋਂ ਮਾਨਤਾ ਪ੍ਰਾਪਤ ਹੋਈ ਹੈ। ਇਹ ਪ੍ਰਾਪਤੀ ਸਕੂਲ ਦੇ ਨਾਲ-ਨਾਲ ਇਲਾਕੇ ਦੇ ਵਿਦਿਆਰਥੀਆਂ ਅਤੇ ਮਾਪਿਆਂ ਲਈ ਵੀ ਮਾਣ ਵਾਲੀ ਗੱਲ ਹੈ।ਇਸ ਮੌਕੇ ਇਹ ਵੀ ਵਿਸ਼ੇਸ਼ ਤੌਰ 'ਤੇ ਜ਼ਿਕਰਯੋਗ ਹੈ ਕਿ ਖਾਲਸਾ ਅਕੈਡਮੀ ਦੇ ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ ਨੇ ਖੁਦ ਆਸਟ੍ਰੇਲੀਆ ਦਾ ਦੌਰਾ ਕਰਕੇ ਉੱਥੋਂ ਦੇ ਸਿੱਖਿਆ ਪ੍ਰਬੰਧਾਂ, ਰਹਿਣ-ਸਹਿਣ, ਵਾਤਾਵਰਣ ਅਤੇ ਵਿਦਿਆਰਥੀਆਂ ਨੂੰ ਮਿਲਣ ਵਾਲੀਆਂ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ।ਉਨ੍ਹਾਂ ਨੇ ਉੱਥੇ ਜਾ ਕੇ ਸਬੰਧਤ ਸੰਸਥਾਵਾਂ ਨਾਲ ਮੁਲਾਕਾਤਾਂ ਕੀਤੀਆਂ ਅਤੇ ਵੱਖ-ਵੱਖ ਪ੍ਰਬੰਧਾਂ ਦਾ ਜਾਇਜ਼ਾ ਲਿਆ, ਤਾਂ ਜੋ ਵਿਦਿਆਰਥੀਆਂ ਨੂੰ ਆਸਟ੍ਰੇਲੀਆ ਵਿੱਚ ਉੱਚ ਸਿੱਖਿਆ ਲਈ ਭੇਜਣ ਸਬੰਧੀ ਸਹੀ ਜਾਣਕਾਰੀ ਅਤੇ ਉਚਿਤ ਮਾਰਗਦਰਸ਼ਨ ਦਿੱਤਾ ਜਾ ਸਕੇ। ਸਕੂਲ ਪ੍ਰਬੰਧਕਾਂ ਦਾ ਇਹ ਉਪਰਾਲਾ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਅਤੇ ਉਨ੍ਹਾਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਸਿੱਖਿਆ ਦੇ ਬਿਹਤਰ ਮੌਕੇ ਪ੍ਰਦਾਨ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਇਸ ਮਾਨਤਾ ਨਾਲ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਸਿੱਖਿਆ ਦੇ ਨਵੇਂ ਮੌਕੇ ਉਪਲਬਧ ਹੋਣਗੇ। ਸਕੂਲ ਵੱਲੋਂ ਵਿਦਿਆਰਥੀਆਂ ਨੂੰ ਬਾਰ੍ਹਵੀਂ ਜਮਾਤ ਦੀ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਆਸਟ੍ਰੇਲੀਆ ਵਿੱਚ ਉੱਚ ਸਿੱਖਿਆ ਪ੍ਰਾਪਤ ਕਰਨ ਦੇ ਮੌਕਿਆਂ ਬਾਰੇ ਮਾਰਗਦਰਸ਼ਨ ਅਤੇ ਸਹਾਇਤਾ ਪ੍ਰਦਾਨ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਸਬੰਧੀ ਵਿਦਿਆਰਥੀਆਂ ਦਾ ਪਹਿਲਾ ਟੂਰ ਵੀ ਲਗਾਇਆ ਜਾ ਚੁੱਕਾ ਹੈ, ਜੋ ਇਸ ਨਵੀਂ ਪਹਿਲਕਦਮੀ ਵੱਲ ਇੱਕ ਮਹੱਤਵਪੂਰਨ ਕਦਮ ਹੈ। ਸਕੂਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਧੁਨਿਕ ਅਤੇ ਮਿਆਰੀ ਸਿੱਖਿਆ ਪ੍ਰਦਾਨ ਕਰਨਾ, ਉਨ੍ਹਾਂ ਨੂੰ ਵਿਸ਼ਵ ਪੱਧਰ 'ਤੇ ਮੁਕਾਬਲਾ ਕਰਨ ਦੇ ਯੋਗ ਬਣਾਉਣਾ ਅਤੇ ਉਨ੍ਹਾਂ ਦੇ ਭਵਿੱਖ ਲਈ ਨਵੀਆਂ ਸੰਭਾਵਨਾਵਾਂ ਪੈਦਾ ਕਰਨਾ ਹੈ। ਆਸਟ੍ਰੇਲੀਅਨ ਬੋਰਡ ਦੀ ਮਾਨਤਾ ਮਿਲਣ ਨਾਲ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਸਿੱਖਿਆ ਪ੍ਰਣਾਲੀ ਨਾਲ ਜੁੜਨ ਅਤੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਵੱਲ ਅੱਗੇ ਵਧਣ ਦਾ ਮੌਕਾ ਮਿਲੇਗਾ। ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਇਸ ਪ੍ਰਾਪਤੀ ਨੂੰ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਵੱਲ ਇੱਕ ਅਹਿਮ ਕਦਮ ਦੱਸਿਆ ਗਿਆ। ਉਨ੍ਹਾਂ ਕਿਹਾ ਕਿ ਸੰਸਥਾ ਦਾ ਉਦੇਸ਼ ਬੱਚਿਆਂ ਨੂੰ ਸਿੱਖਿਆ ਦੇ ਖੇਤਰ ਵਿੱਚ ਉੱਚੀਆਂ ਮੰਜ਼ਿਲਾਂ ਤੱਕ ਪਹੁੰਚਾਉਣਾ ਅਤੇ ਉਨ੍ਹਾਂ ਨੂੰ ਦੇਸ਼-ਵਿਦੇਸ਼ ਵਿੱਚ ਸਫਲਤਾ ਹਾਸਲ ਕਰਨ ਲਈ ਤਿਆਰ ਕਰਨਾ ਹੈ। ਖਾਲਸਾ ਇੰਟਰਨੈਸ਼ਨਲ ਸਕੂਲ, ਮਹਿਤਾ ਚੌਂਕ — ਮਿਆਰੀ ਸਿੱਖਿਆ ਦੇ ਨਾਲ ਅੰਤਰਰਾਸ਼ਟਰੀ ਭਵਿੱਖ ਵੱਲ ਇੱਕ ਨਵੀਂ ਉਡਾਣ।

### ਸਿੱਖ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਬਣਨ 'ਤੇ

# ਸ. ਗੁਰਵੀਰ ਸਿੰਘ ਬਰਾੜ ਦਾ ਵਿਸ਼ੇਸ਼ ਤੌਰ ਸਨਮਾਨ





ਇੰਜਨੀਅਰ ਸ ਗੁਰਵੀਰ ਸਿੰਘ ਬਰਾੜ ਉੱਘੇ ਸਿੱਖ ਵਿਦਵਾਨ ਜੋਂ ਇਸ ਵਕਤ' ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦੇ ਕਾਰਜਕਾਰੀ ਡਾਇਰੈਕਟਰ' ਵਜੋਂ ਸ਼ਲਾਘਾਯੋਗ ਸੇਵਾਵਾਂ ਨਿਭਾ ਰਹੇ ਹਨ ਤੇ ਸਿੱਖ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਚੁਣੇ ਜਾਣ ਨਾਲ, ਸੁਸਾਇਟੀ ਵਿਦਿਆ ਦੇ ਖੇਤਰ ਵਿਚ ਪ੍ਰਭਾਵਸ਼ਾਲੀ ਅਤੇ ਉਸਾਰੂ ਭੂਮਿਕਾ ਨਿਭਾਉਣ ਹਿਤ ਮੀਲ ਪੱਥਰ ਸਾਬਤ ਹੋਵੇਗੀ ਇਹ ਵਿਚਾਰ ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਜਥੇਦਾਰ ਸਵਰਨਜੀਤ ਸਿੰਘ ਜੀ ਨੇ ਗੁਰਦੁਆਰਾ ਸ਼ਹੀਦਾ ਸਿੰਘਾ ਵਿਖੇ ਵਿਸ਼ੇਸ਼ ਤੌਰ ਤੇ ਪੁੱਜੇ ਸਿੱਖ ਐਜੂਕੇਸ਼ਨ ਸੁਸਾਇਟੀ ਦੇ ਪ੍ਰਧਾਨ ਸਰਦਾਰ ਗੁਰਵੀਰ ਸਿੰਘ ਬਰਾੜ ਜੀ ਦੇ ਰੱਖੇ ਸਨਮਾਨ ਸਮਾਰੋਹ ਵਿੱਚ ਕਹੇ, ਉਹਨਾਂ ਅੱਗੇ ਕਿਹਾ ਕਿ ਸ. ਗੁਰਬੀਰ ਸਿੰਘ ਬਰਾੜ , ਸਵਰਗੀਏ, ਸਰਦਾਰ ਗੁਰਦੇਵ ਸਿੰਘ ਬਰਾੜ (ਆਈ.ਏ.ਐਸ.) ਦੇ ਫਰਜ਼ੰਦ ਹਨ ਸ. ਗੁਰਬੀਰ ਸਿੰਘ ਬਰਾੜ ਸਿੱਖਿਆ ਅਤੇ ਸਿੱਖ ਸਿਧਾਂਤਾਂ ਦੀ ਗਹਿਰੀ ਸੂਝ ਰੱਖਦੇ ਹਨ । ਗੌਰਵਮਈ ਸਿੱਖਿਆ ਸੰਸਥਾ ਸਿੱਖ ਐਜੂਕੇਸ਼ਨਲ ਸੋਸਾਇਟੀ ਦੀ ਵਿਰਾਸਤ ਨੂੰ ਅੱਗੇ ਤੋਰਦਿਆਂ ਨਵੀਆਂ ਪ੍ਰਾਪਤੀਆਂ ਦੇ ਅਧਿਆਏ ਦੀ ਇਹ ਅਰੰਭਤਾ ਹੈ। ਇੱਕ ਸਿੱਖਿਆ-ਸਮਰਪਿਤ ਆਗੂ ਵਜੋਂ ਸ. ਗੁਰਬੀਰ ਸਿੰਘ ਬਰਾੜ ਤੋਂ ਵਿੱਦਿਅਕ ਸੰਸਥਾਵਾਂ ਦੀ ਮਜ਼ਬੂਤੀ, ਨਵੀਆਂ ਨੀਤੀਆਂ ਅਤੇ ਸਿੱਖਿਅਕ ਨੌਜਵਾਨ ਪੀੜ੍ਹੀ ਦੇ ਉੱਜਵਲ ਭਵਿੱਖ ਲਈ ਨਵੀਆਂ ਪਹਿਲਕਦਮੀਆਂ ਦੀ ਆਸ ਹੀ ਨਹੀਂ ਯਕੀਨ ਵੀ ਹੈ। ਇਸ ਦੂਰਅੰਦੇਸ਼ ਪ੍ਰਧਾਨ ਦੀ ਅਗਵਾਈ ਹੇਠ ਸਾਡੀਆਂ ਵਿੱਦਿਅਕ ਸੰਸਥਾਵਾਂ ਨਵੀਆਂ ਬੁਲੰਦੀਆਂ ਛੂਹਣਗੀਆਂ ਅਤੇ ਸਿੱਖਿਆ ਦੇ ਖੇਤਰ ਵਿੱਚ ਅੱਜ ਤੋਂ ਵੀ ਉੱਚਾ ਮਾਣਮੱਤਾ ਸਥਾਨ ਪਾਉਣਗੀਆ।ਜਥੇਦਾਰ ਸਵਰਨਜੀਤ ਸਿੰਘ ਨੇ ਅੱਗੇ ਕਿਹਾ ਕਿ ਉਨ੍ਹਾਂ ਵੱਲੋਂ ਸਿੱਖਿਆ, ਰੁਜ਼ਗਾਰ ਯੋਗਤਾ, ਸਮਾਨਤਾ ਅਤੇ ਭਾਈਚਾਰਕ ਸਸ਼ਕਤੀਕਰਨ ਲਈ ਬਹੁਤ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ ਉਹ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦੇ ਭਾਰਤ ਲਈ ਕਾਰਜਕਾਰੀ ਨਿਰਦੇਸ਼ਕ ਵਜੋਂ ਵੀ ਸੇਵਾਵਾਂ ਨਿਭਾ ਰਹੇ ਹਨ।ਇਸ ਭੂਮਿਕਾ ਤਹਿਤ ਉਹ ਲੋੜਵੰਦ ਵਿਦਿਆਰਥੀਆਂ ਲਈ ਸਕਾਲਰਸ਼ਿਪਾਂ ਪ੍ਰਦਾਨ ਕਰਨ ਦੇ ਯਤਨਾਂ ਵਿੱਚ ਯੋਗਦਾਨ ਪਾ ਰਹੇ ਹਨ

ਪੇਸ਼ੇਵਰ ਜ਼ਿੰਮੇਵਾਰੀਆਂ ਤੋਂ ਇਲਾਵਾ, ਉਹ ਅਤੇ ਉਨ੍ਹਾਂ ਦੀ ਪਤਨੀ ਸ੍ਰੀਮਤੀ ਗਗਨਦੀਪ ਕੌਰ ਪ੍ਰਸਿੱਧ ਫੋਟੋਗ੍ਰਾਫਰ ਅਤੇ ਲੇਖਕ ਹਨ, ਜਿਨ੍ਹਾਂ ਨੂੰ ਸਿੱਖ ਇਤਿਹਾਸ ਅਤੇ ਵਿਰਾਸਤ ਦੇ ਦਸਤਾਵੇਜ਼ੀਕਰਨ ਲਈ ਜਾਣਿਆ ਜਾਂਦਾ ਹੈ। ਉਨ੍ਹਾਂ ਦੀਆਂ ਪ੍ਰਕਾਸ਼ਿਤ ਕਿਤਾਬਾਂ ਵਿੱਚ ਦਿ ਵੈਲੀਐਂਟ ਵਨਜ਼, 2011 ਸ਼ਾਮਲ ਹੈ, ਜੋ ਨਿਹੰਗ ਸਿੰਘਾਂ 'ਤੇ ਵਿਸ਼ੇਸ਼ ਧਿਆਨ ਕੇਂਦਰਿਤ ਕਰਦਿਆਂ ਸਿੱਖ ਇਤਿਹਾਸ ਦੀ ਪੜਚੋਲ ਕਰਦੀ ਹੈ। ਇਸ ਤੋਂ ਇਲਾਵਾ, ਸ੍ਰੀ ਸਾਹਿਬ ਜੀ ਸਹਾਇ, 2024 ਇੱਕ ਮਹੱਤਵਪੂਰਨ ਰਚਨਾ ਹੈ, ਜਿਸ ਵਿੱਚ ਸਿੱਖ ਗੁਰੂ ਸਾਹਿਬਾਨ ਨਾਲ ਸਬੰਧਤ ਇਤਿਹਾਸਕ ਨਿਸ਼ਾਨੀਆਂ ਅਤੇ ਧਰੋਹਰਾਂ ਦਾ ਦਸਤਾਵੇਜ਼ੀਕਰਨ ਕੀਤਾ ਗਿਆ ਹੈ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਸਰਦਾਰ ਗੁਰਬੀਰ ਸਿੰਘ ਬਰਾੜ ਨੇ ਕਿਹਾ ਕਿ ਜੋ ਵੀ ਸੁਸਾਇਟੀ ਵੱਲੋਂ ਮੈਨੂੰ ਸੇਵਾ ਦਿੱਤੀ ਗਈ ਹੈ ਮੈਂ ਪੂਰੀ ਇਮਾਨਦਾਰੀ ਦੇ ਨਾਲ ਇਹ ਸੇਵਾ ਨਿਭਾਵਾਂਗਾ।

**ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

## ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਵੱਲੋਂ ਸੇਵਾ ਮੁਕਤ ਸੁਪਰਡੈਂਟ ਗੁਰਸੇਵਕ ਸਿੰਘ ਵਿਲਖੂ ਸਨਮਾਨਿਤ—ਦੜਿਆਲਾ



**ਫ਼ਿਰੋਜ਼ਪੁਰ, 24 ਅਕਤੂਬਰ (ਮਨੋਹਰ ਲਾਲ)** :— ਸਮਾਜ ਸੇਵੀ ਕਾਰਜਾਂ ਵਿੱਚ ਹਮੇਸ਼ਾ ਅੱਗੇ ਰਹਿਣ ਵਾਲ਼ੀ ਸੰਸਥਾ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਰਜਿ: 140 ਪੰਜਾਬ ਵੱਲੋਂ ਅੱਜ ਇੱਕ ਵਿਸ਼ੇਸ਼ ਪਰੋਗਰਾਮ ਦਾ ਆਯੋਜਨ ਕੀਤਾ ਗਿਆ। ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ਼ ਬੋਰਡ ਫਿਰੋਜ਼ਪੁਰ ਤੋਂ ਸੁਪਰਡੈਂਟ ਦੇ ਅਹੁਦੇ ਤੋਂ ਆਪਣੀਆਂ ਸ਼ਾਨਦਾਰ ਅਤੇ ਬੇਦਾਗ਼ ਸੇਵਾਵਾਂ ਨਿਭਾ ਕੇ ਸੇਵਾ ਮੁਕਤ ਹੋਏ ਗੁਰਸੇਵਕ ਸਿੰਘ ਵਿਲਖੂ ਦੇ ਗ੍ਰਹਿ ਵਿਖੇ ਪਾਹੁੰਚ ਕੇ ਸੋਸਾਇਟੀ ਦੇ ਅਹੁਦੇਦਾਰਾਂ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ ਨੇ ਗੁਰਸੇਵਕ ਸਿੰਘ ਵਿਲਖੂ ਦੀ ਆਪਣੇ ਸਰਕਾਰੀ ਕਾਰਜਕਾਲ ਦੌਰਾਨ ਲੋਕਾਂ ਦੀ ਕੀਤੀ ਗਈ ਬੇਹਤਰੀਨ ਸੇਵਾ ਅਤੇ ਇਮਾਨਦਾਰੀ ਦੀ ਭਰਭੂਰ ਸ਼ਲਾਘਾ ਕੀਤੀ। ਇਸ ਮੌਕੇ ਹਰਭਜਨ ਸਿੰਘ ਦੜਿਆਲਾ ਪੰਜਾਬ ਪ੍ਰਧਾਨ ਨੇ ਉਨ੍ਹਾਂ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਪ੍ਰਮੁੱਖ ਅਹੁਦੇਦਾਰਾਂ ਦੀ ਹਾਜਰੀ ਵਿੱਚ ਸਨਮਾਨਿਤ ਕੀਤਾ ਅਤੇ ਸੁਖਮਿੰਦਰ ਸਿੰਘ ਜੱਬਲ ਸਕੱਤਰ ਜਨਰਲ ਪੰਜਾਬ ਨੇ ਕਿਹਾ ਕਿ ਵਿਲਖੂ ਨੇ ਆਪਣੇ ਵਿਭਾਗ ਵਿੱਚ ਰਹਿੰਦਿਆਂ ਹਮੇਸ਼ਾ ਆਮ ਜਨਤਾ ਦੇ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਨਿਪਟਾਇਆ ਅਤੇ ਉਹ ਸਮਾਜ ਲਈ ਇੱਕ ਪ੍ਰੇਰਨਾ ਸਰੋਤ ਹਨ। ਇਸ ਮੌਕੇ ਗੁਰਸੇਵਕ ਸਿੰਘ ਵਿਲਖੂ ਨੇ ਸੋਸਾਇਟੀ ਦੇ ਆਗੂਆਂ ਨੂੰ ਇਛਾ ਪ੍ਰਗਟਾਈ ਕਿ ਸੇਵਾ ਮੁਕਤ ਤੋਂ ਬਾਅਦ ਸਮਾਜ ਭਲਾਈ ਦੇ ਕਾਰਜਾਂ ਵਿੱਚ ਆਪਣਾ ਅਹਿਮ ਯੋਗਦਾਨ ਪਾਉਂਦੇ ਰਹਿਣਗੇ। ਇਸ ਸਨਮਾਨ ਸਮਾਰੋਹ ਦੌਰਾਨ ਗੁਰਸੇਵਕ ਸਿੰਘ ਵਿਲਖੂ ਅਤੇ ਉਨ੍ਹਾਂ ਦੇ ਪਰਿਵਾਰ ਨੇ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਮਾਣ ਸਤਿਕਾਰ ਲਈ ਉਹ ਸੋਸਾਇਟੀ ਦੇ ਸਦਾ ਰਿਣੀ ਰਹਿਣਗੇ। ਸਮਾਰੋਹ ਦੇ ਅੰਤ ਵਿੱਚ ਹਾਜ਼ਰ ਸਾਰਿਆਂ ਨੇ ਗੁਰਸੇਵਕ ਸਿੰਘ ਵਿਲਖੂ ਨੂੰ ਸੇਵਾ ਮੁਕਤੀ ਦੀਆਂ ਵਧਾਈਆਂ ਦਿੱਤੀਆਂ, ਉਨ੍ਹਾਂ ਦੀ ਚੰਗੀ ਸਿਹਤ, ਲੰਬੀ ਉਮਰ ਅਤੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ। ਇਸ ਮੌਕੇ ਸੋਸਾਇਟੀ ਦੇ ਪ੍ਰਮੁੱਖ ਆਗੂ ਅੰਗਰੇਜ਼ ਸਿੰਘ ਕਲਸੀ ਜ਼ਿਲ੍ਹਾ ਪ੍ਰਧਾਨ, ਅਵਤਾਰ ਸਿੰਘ ਠੇਠੀ ਮੀਤ ਪ੍ਰਧਾਨ ਪੰਜਾਬ, ਡਾਕਟਰ ਰਾਜਦੀਪ ਸਿੰਘ ਵਸੀਰ ਅਤੇ ਪਰਿਵਾਰਕ ਮੈਂਬਰ ਹਾਜ਼ਰ ਸਨ।

## ਬਾਬਾ ਬੁੱਢਾ ਸਾਹਿਬ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ



ਫ਼ਿਰੋਜ਼ਪੁਰ, 24 ਅਕਤੂਬਰ (ਮਨੋਹਰ ਲਾਲ) :— ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰਡ ਵੱਲੋਂ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਪਿੰਡ ਖੁਸ਼ਹਾਲ ਸਿੰਘ ਵਾਲਾ ਰੱਖੜੀ ਵਿਖੇ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ, ਉਪਰੰਤ ਭਾਈ ਕੁਲਵੰਤ ਸਿੰਘ, ਭਾਈ ਮਨਪ੍ਰੀਤ ਸਿੰਘ, ਭਾਈ ਅੰਮ੍ਰਿਤਪ੍ਰੀਤ ਸਿੰਘ, ਭਾਈ ਸਰਬਜੀਤ ਸਿੰਘ, ਭਾਈ ਜਸਪ੍ਰੀਤ ਸਿੰਘ, ਭਾਈ ਹਰਭਜਨ ਸਿੰਘ ਰਖੜੀ ਭਾਈ ਅਵਤਾਰ ਸਿੰਘ ਫੌਜੀ ਸਾਰਿਆਂ ਨੇ ਸ਼ਬਦ ਕੀਰਤਨ ਗਾਇਨ ਕੀਤਾ। ਉਪਰੰਤ ਭਾਈ ਗੁਰਪ੍ਰੀਤ ਸਿੰਘ ਸੋਲਜਰ ਵੱਲੋਂ ਕਥਾ ਵਿਚਾਰ ਅਤੇ ਗੁਰ ਇਤਿਹਾਸ ਨਾਲ ਸੰਗਤਾਂ ਨੂੰ ਜੋੜਿਆ, ਸਮਾਗਮ ਦੀ ਸਮਾਪਤੀ ਉਪਰੰਤ ਸਭਾ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਜਗਦੀਪ ਸਿੰਘ ਨੂੰ ਅਤੇ ਭਾਈ ਹਰਭਜਨ ਸਿੰਘ ਰੱਖੜੀ ਦੇ ਨਾਲ ਭਾਈ ਗੁਰਪ੍ਰੀਤ ਸਿੰਘ ਸੋਲਜਰ ਨੂੰ ਸਨਮਾਨਿਤ ਕੀਤਾ, ਉਥੇ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਭਾਈ ਕੁਲਵੰਤ ਸਿੰਘ ਨੂੰ ਵੀ ਸਨਮਾਨਿਤ ਕੀਤਾ ਗਿਆ। ਅਖੀਰ ਵਿੱਚ ਪ੍ਰਧਾਨ ਭਾਈ ਕੁਲਵੰਤ ਸਿੰਘ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨ ਕੋਟ ਧੰਨਵਾਦ ਕੀਤਾ ਉਥੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਆਈਆਂ ਸੰਗਤਾਂ ਦੇ ਨਾਲ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਦੇ ਸਮੂਹ ਮੈਂਬਰ ਜੋ ਪਰਿਵਾਰਾਂ ਸਹਿਤ ਪਹੁੰਚੇ ਸਨ ਉਨ੍ਹਾਂ ਦਾ ਵੀ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਾਨੂੰ ਬਾਬਾ ਬੁੱਢਾ ਸਾਹਿਬ ਜੀ ਦੇ ਜੀਵਨ ਤੋਂ ਸੇਧ ਲੈਣੀ ਚਾਹੀਦੀ ਹੈ ਕਿ 113 ਸਾਲ ਆਪਣੀ ਜ਼ਿੰਦਗੀ ਦੇ ਬਾਬਾ ਜੀ ਨੇ ਗੁਰੂ ਘਰ ਦੀ ਸੇਵਾ ਸਿਮਰਨ ਵਿੱਚ ਲਾਏ, ਇਸ ਲਈ ਬਾਬਾ ਜੀ ਨੂੰ ਸਿੱਖੀ ਦੇ ਥੰਮ ਕਿਹਾ ਜਾਂਦਾ ਹੈ। ਇਸ ਲਈ ਸਾਨੂੰ ਸਾਰੀ ਸੰਗਤ ਨੂੰ ਗੁਰੂ ਸਾਹਿਬਾਨਾਂ ਦੇ ਸ਼ਹੀਦਾਂ ਸਿੰਘਾਂ ਅਤੇ ਸਿੱਖ ਇਤਿਹਾਸ ਦੇ ਚੜਦੀ ਕਲਾ ਵਾਲੇ ਸਿੰਘਾਂ ਦੇ ਦਿਹਾੜੇ ਮਨਾਉਣੇ ਚਾਹੀਦੇ ਹਨ। ਇਸ ਮੌਕੇ ਪ੍ਰਧਾਨ ਭਾਈ ਕੁਲਵੰਤ ਸਿੰਘ, ਮੀਤ ਪ੍ਰਧਾਨ ਭਾਈ ਕਸ਼ਮੀਰ ਸਿੰਘ, ਚੇਅਰਮੈਨ ਭਾਈ ਅਵਤਾਰ ਸਿੰਘ ਫੌਜੀ, ਵਾਈਸ ਚੇਅਰਮੈਨ ਭਾਈ ਹਰਮੀਤ ਸਿੰਘ, ਸਕੱਤਰ ਭਾਈ ਅੰਮ੍ਰਿਤਪ੍ਰੀਤ ਸਿੰਘ, ਖਜਾਨਚੀ ਬਸੰਤ ਸਿੰਘ, ਕੁਲਵਿੰਦਰ ਸਿੰਘ, ਮੇਜਰ ਸਿੰਘ, ਗੁਰਮੀਤ ਸਿੰਘ, ਜਸਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਹਰਭਜਨ ਸਿੰਘ ਰੱਖੜੀ, ਗੁਰਮੀਤ ਸਿੰਘ, ਕੁਲਬੀਰ ਸਿੰਘ ਤੋਂ ਇਲਾਵਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਬੇਗ ਸਿੰਘ ਸਕੱਤਰ ਜਗਦੀਪ ਸਿੰਘ ਖਜਾਨਚੀ ਗੁਰਮੀਤ ਸਿੰਘ ਤੋਂ ਇਲਾਵਾ ਪਿੰਡ ਅਤੇ ਸ਼ਹਿਰ ਦੀਆਂ ਬਹੁਤ ਸਾਰੀਆਂ ਸੰਗਤਾਂ ਹਾਜ਼ਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਜਾਬ ਸਰਕਾਰ ਵੱਲੋਂ 26 ਅਕਤੂਬਰ ਨੂੰ ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਮੌਕੇ ਕਰਵਾਇਆ ਜਾਵੇਗਾ ਰਾਜ ਪੱਧਰੀ ਸਮਾਗਮ

# ਡਿਪਟੀ ਕਮਿਸ਼ਨਰ ਵੱਲੋਂ ਤਿਆਰੀਆਂ ਦਾ ਜਾਇਜ਼ਾ



**ਜੰਡਿਆਲਾ ਗੁਰੂ, 24 ਅਕਤੂਬਰ:( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਵੱਲੋਂ ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਮੌਕੇ 26 ਅਕਤੂਬਰ ਨੂੰ ਭਗਵਾਨ ਮਹਾਰਿਸ਼ੀ ਵਾਲਮੀਕਿ ਤੀਰਥ ਸਥਲ (ਰਾਮ ਤੀਰਥ), ਅੰਮ੍ਰਿਤਸਰ ਵਿਖੇ ਰਾਜ ਪੱਧਰੀ ਸਮਾਗਮ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਸਰਾਂਇਨ ਬੋਰਡ ਦੇ ਚੇਅਰਮੈਨ ਸ੍ਰੀ ਬਾਲ ਜੋਗੀ ਪ੍ਰਗਟ ਨਾਥ, ਦਿੱਲੀ ਦੇ ਅੰਬੇਡਕਰ ਨਗਰ ਤੋਂ ਵਿਧਾਇਕ ਸ੍ਰੀ ਅਜੈ ਦੱਤ, ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ, ਡੀ.ਆਈ.ਜੀ. ਬਾਰਡਰ ਰੇਂਜ ਸ. ਗੁਰਪ੍ਰੀਤ ਸਿੰਘ ਭੁੱਲਰ, ਐੱਸ.ਐੱਸ.ਪੀ. ਅੰਮ੍ਰਿਤਸਰ ਦਿਹਾਤੀ ਸ੍ਰੀ ਕੰਵਲਪ੍ਰੀਤ ਸਿੰਘ ਚਾਹਲ, ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਪੱਲਵੀ ਮਿਸ਼ਰਾ ਅਤੇ ਵਿਧਾਨ ਸਭਾ ਹਲਕਾ ਰਾਜਾਸਾਂਸੀ ਤੋਂ ਆਮ ਆਦਮੀ ਪਾਰਟੀ ਦੀ ਹਲਕਾ ਇੰਚਾਰਜ ਸ੍ਰੀਮਤੀ ਸੋਨੀਆ ਮਾਨ ਵੱਲੋਂ ਤੀਰਥ ਸਥਲ ਅਤੇ ਰਾਜ ਪਧਰੀ ਸਮਾਗਮ ਵਾਲੀ ਥਾਂ ਦਾ ਦੌਰਾ ਕੀਤਾ ਗਿਆ ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਹਦਾਇਤ ਕੀਤੀ ਕਿ ਰਾਜ ਪੱਧਰੀ ਸਮਾਗਮ ਦੇ ਮੱਦੇਨਜ਼ਰ ਸੰਗਤਾਂ ਦੀ ਸਹੂਲਤ, ਸੁਰੱਖਿਆ ਅਤੇ ਆਵਾਜਾਈ ਨੂੰ ਸੁਚਾਰੂ ਬਣਾਉਣ ਸਮੇਤ ਸਾਰੇ ਲੋੜੀਂਦੇ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ। ਉਨ੍ਹਾਂ ਕਿਹਾ ਕਿ ਸਮਾਗਮ ਵਿੱਚ ਸ਼ਾਮਲ ਹੋਣ ਵਾਲੀਆਂ ਸੰਗਤਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣੀ ਚਾਹੀਦੀ ਅਤੇ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ।ਇਸ ਮੌਕੇ ਸ੍ਰੀ ਬਾਲ ਜੋਗੀ ਪ੍ਰਗਟ ਨਾਥ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦਾ ਪ੍ਰਗਟ ਦਿਵਸ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ 26 ਅਕਤੂਬਰ ਨੂੰ ਹੋਣ ਵਾਲੇ ਰਾਜ ਪੱਧਰੀ ਸਮਾਗਮ ਵਿੱਚ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਇਸ ਮੌਕੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਦੇ ਮੰਤਰੀਆਂ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਵੀ ਸ਼ਿਰਕਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪ੍ਰਗਟ ਦਿਵਸ ਮੌਕੇ ਸਵੇਰੇ ਸੰਤ-ਮਹਾਂਪੁਰਸ਼ਾਂ ਦੀ ਹਾਜ਼ਰੀ ਵਿੱਚ ਵਾਲਮੀਕਿ ਤੀਰਥ ਸਥਲ ਵਿਖੇ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ ।ਉਨ੍ਹਾਂ ਕਿਹਾ ਕਿ ਸੰਗਤਾਂ ਦੀ ਸਹੂਲਤ ਅਤੇ ਸੇਵਾ ਨੂੰ ਮੁੱਖ ਰੱਖਦਿਆਂ ਸਮਾਗਮ ਲਈ ਢੁੱਕਵੇਂ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਮੌਕੇ ਰਾਮ ਤੀਰਥ ਵਿਖੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਗੁਰੂ ਚਰਨਾਂ ਵਿੱਚ ਨਤਮਸਤਕ ਹੋਣ ਅਤੇ ਸਮਾਗਮ ਦੀ ਸ਼ੋਭਾ ਵਧਾਉਣ ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਸਮਾਗਮ ਵਿੱਚ ਸ਼ਾਮਲ ਹੋਣ ਵਾਲੀਆਂ ਸੰਗਤਾਂ ਲਈ ਰਹਿਣ-ਸਹਿਣ, ਲੰਗਰ, ਪੀਣ ਵਾਲੇ ਸਾਫ਼ ਪਾਣੀ, ਸਫ਼ਾਈ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਢੁੱਕਵੇਂ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਪ੍ਰਬੰਧਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾਵੇ ਤਾਂ ਜੋ ਸਮਾਗਮ ਸ਼ਾਂਤੀਪੂਰਵਕ ਅਤੇ ਸੁਚਾਰੂ ਢੰਗ ਨਾਲ ਨੇਪਰੇ ਚੜ੍ਹ ਸਕੇ ।ਇਸ ਮੌਕੇ ਐੱਸ.ਡੀ.ਐੱਮ. ਲੋਪੋਕੇ ਸ. ਮਨਬੀਰ ਸਿੰਘ, ਜੀ.ਐੱਮ. ਸ੍ਰੀ ਮਧੁਰ ਭਾਟੀਆ, ਲੋਕ ਨਿਰਮਾਣ ਵਿਭਾਗ ਦੇ ਐਕਸੀਅਨ ਸ੍ਰੀ ਦਿਲਬਾਗ ਸਿੰਘ ਅਤੇ ਸ੍ਰੀ ਰਜੀਵ ਸ਼ਰਮਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

**ਬਾਲ ਜੋਗੀ ਪ੍ਰਗਟ ਨਾਥ ਵੱਲੋਂ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਸਮਾਗਮ ਵਿੱਚ ਸ਼ਾਮਲ ਹੋਣ ਦੀ ਅਪੀਲ**

ਯੁੱਧ ਨਸ਼ਿਆਂ ਵਿਰੁੱਧ: ਨਸ਼ਿਆਂ ਦੇ ਹੌਟਸਪੌਟ ਖੇਤਰਾਂ ਦੀ ਕਰੜੀ ਨਜ਼ਰਸਾਨੀ ਜਾਰੀ

# ਡਿਪਟੀ ਕਮਿਸ਼ਨਰ ਨੇ ਪਿੰਡ ਮਲੂਕਾ ਦਾ ਕੀਤਾ ਦੌਰਾ



ਬਠਿੰਡਾ, 24 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਵਿੱਢੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ 'ਯੁੱਧ ਨਸ਼ਿਆਂ ਵਿਰੁੱਧ 2.0' ਤਹਿਤ ਨਸ਼ਿਆਂ ਤੋਂ ਵੱਧ ਪ੍ਰਭਾਵਿਤ 20 ਪੇਂਡੂ ਅਤੇ ਸ਼ਹਿਰੀ ਖੇਤਰਾਂ (ਹੌਟਸਪੌਟ) ਦੀ ਸ਼ਨਾਖਤ ਕਰਕੇ ਉਨ੍ਹਾਂ ਨੂੰ ਤਰਜੀਹੀ ਤੌਰ 'ਤੇ ਸੁਧਰਿਆ ਬੁਨਿਆਦੀ ਢਾਂਚਾ ਦੇਣ ਲਈ ਕੰਮ ਕੀਤਾ ਜਾ ਰਿਹਾ ਹੈ ।ਨਸ਼ਿਆਂ ਖਿਲਾਫ ਚੱਲ ਰਹੀ ਇਸ ਲੜਾਈ ਚ ਹਰ ਇਕ ਵਰਗ ਦਾ ਅਹਿਮ ਯੋਗਦਾਨ ਯਕੀਨੀ ਬਣਾਉਣ ਲਈ ਜ਼ਿਲ੍ਹਾ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਇਨ੍ਹਾਂ ਪ੍ਰਭਾਵਤ ਪਿੰਡਾਂ ਵਿਚ ਨਿਰੰਤਰ ਨਜ਼ਰਸਾਨੀ ਕੀਤੀ ਜਾ ਰਹੀ ਹੈ ।ਇਹ ਜਾਣਕਾਰੀ ਸ਼੍ਰੀ ਰਾਜੇਸ਼ ਧੀਮਾਨ, ਡਿਪਟੀ ਕਮਿਸ਼ਨਰ ਬਠਿੰਡਾ ਨੇ ਅੱਜ ਪਿੰਡ ਮਲੂਕਾ ਵਿਖੇ ਯੁੱਧ ਨਸ਼ਿਆਂ ਵਿਰੁੱਧ ਤਹਿਤ ਕਰਵਾਏ ਗਏ ਵਿਸ਼ੇਸ਼ ਇਜਲਾਸ ਨੂੰ ਸੰਬੋਧਨ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ 20 ਹਾਟ ਸਪਾਟ ਪਿੰਡਾਂ ਚ ਸਾਫ ਸਫ਼ਾਈ, ਸਟਰੀਟ ਲਾਈਟਾਂ, ਸੀਸੀਟੀਵੀ ਕੈਮਰੇ, ਚਾਰਦੀਵਾਰੀ ਤੇ ਹੋਰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਾਉਣ ਦੀ ਪ੍ਰਕ੍ਰਿਆ ਵਿੱਢੀ ਗਈ ਹੈ ਤਾਂ ਜੋ ਖਾਲੀ ਇਮਾਰਤਾਂ, ਪਲਾਟਾਂ, ਸੁੰਨੀਆਂ ਥਾਵਾਂ ਨੂੰ ਨਸ਼ਿਆਂ ਦੀ ਵਰਤੋਂ ਲਈ ਨਾ ਵਰਤਿਆ ਜਾ ਸਕੇ। ਇਸ ਇਲਾਕੇ ਵਿਚ ਨਸ਼ਿਆਂ ਦੀ ਰੋਕਥਾਮ ਲਈ ਜ਼ਮੀਨੀ ਪੱਧਰ ਉੱਤੇ ਕਾਰਵਾਈ ਕਰਨ ਅਤੇ ਲੋੜੀਂਦੇ ਪ੍ਰਬੰਧ ਕਰਨ ਦੀ ਰਣਨੀਤੀ ਉਲੀਕੀ ਗਈ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿਚ ਸਬੰਧਤ ਇਲਾਕਿਆਂ ਦੇ ਐੱਸ.ਡੀ.ਐਮ ਦੀ ਅਗਵਾਈ ਹੇਠ ਟੀਮਾਂ ਇਨ੍ਹਾਂ ਇਲਾਕਿਆਂ ਦਾ ਲਗਾਤਾਰ ਦੌਰਾ ਕਰ ਰਹੀਆਂ ਹਨ ਅਤੇ ਇਨ੍ਹਾਂ ਥਾਵਾਂ 'ਤੇ ਨਸ਼ਿਆਂ ਦੀ ਰੋਕਥਾਮ ਕਰਕੇ ਆਮ ਲੋਕਾਂ ਦੀ ਵਰਤੋਂ ਅਤੇ ਉਸਾਰੂ ਗਤੀਵਿਧੀਆਂ ਵਾਲੀਆਂ ਥਾਵਾਂ ਵਜੋਂ ਵਿਕਸਿਤ ਕਰਨ ਉੱਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਨਾਲ ਹੀ ਦੱਸਿਆ ਕਿ ਇਨ੍ਹਾਂ ਸਾਰੇ ਪਿੰਡਾਂ ਵਿਚ ਕ੍ਰਿਕਟ, ਵਾਲੀਬਾਲ ਅਤੇ ਅਥਲੈਟਿਕਸ ਖੇਡਾਂ ਕਰਵਾਉਣ ਲਈ ਟੀਮਾਂ ਬਣਾਈਆਂ ਗਈਆਂ ਹਨ। ਇਨ੍ਹਾਂ ਟੀਮਾਂ ਦੇ ਇੰਟਰ ਸਟੇਟ ਪਿੰਡ ਮੈਚ ਅਗਲੇ ਹਫਤੇ ਕਰਵਾਏ ਜਾਣਗੇ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਿਆ ਜਾਵੇ। ਉਨ੍ਹਾਂ ਦੱਸਿਆ ਕਿ ਹਰ ਇਕ ਪਿੰਡ ਵਿਚ ਇਕ ਸਿਵਲ ਅਤੇ ਇਕ ਪੁਲਿਸ ਦੇ ਅਫਸਰ ਨੂੰ ਦਿੱਤਾ ਗਿਆ ਹੈ ਜਿਹੜੇ ਪਿੰਡ ਵਾਸੀਆਂ ਦੀ ਸਲਾਹ ਨਾਲ ਪਿੰਡ ਚੋਂ ਨਸ਼ਿਆਂ ਨੂੰ ਕਰਨ ਲਈ ਕੰਮ ਕਰਨਗੇ। ਉਨ੍ਹਾਂ ਪਿੰਡ ਵਾਸੀਆਂ ਨੂੰ ਹੋਕਾ ਦਿੱਤਾ ਕਿ ਉਹ ਵੀ ਸਰਕਾਰ ਦਾ ਇਸ ਨੇਕ ਕੰਮ ਵਿਚ ਸਾਥ ਦੇਣ ਤਾਂ ਜੋ ਨਸ਼ੇ ਦੀ ਲੱਤ ਤੋਂ ਸਾਡੇ ਨੌਜਵਾਨਾਂ, ਬੱਚਿਆਂ ਅਤੇ ਹੋਰ ਪ੍ਰਭਾਵਤ ਲੋਕਾਂ ਨੂੰ ਬਚਾਇਆ ਜਾ ਸਕੇ ।ਇਸ ਮੌਕੇ ਐੱਸ.ਡੀ.ਐਮ. ਰਾਮਪੁਰਾ ਫੂਲ ਸ਼੍ਰੀ ਬਲਕਰਨ ਸਿੰਘ, ਡੀ.ਐਸ.ਪੀ. ਰਾਮਪੁਰਾ ਸ਼੍ਰੀ ਮੁਕੇਸ਼ ਕੁਮਾਰ ਤੋਂ ਇਲਾਵਾ ਹੋਰ ਅਧਿਕਾਰੀ, ਪਿੰਡ ਦੇ ਮੋਹਤਵਰ, ਪਿੰਡ ਵਾਸੀ ਆਦਿ ਮੌਜੂਦ ਸਨ।



# ਪੰਜਾਬ ਵਿੱਚ ਨਸ਼ਿਆਂ ਦਾ ਵਧਦਾ ਪ੍ਰਕੋਪ ਤੇ ਪੁਲਿਸ ਦੀ ਭੂਮਿਕਾ ਤੇ ਗੰਭੀਰ ਸਵਾਲ—ਜਸਬੀਰ ਸਿੰਘ ਭੁੱਲਰ



ਫ਼ਿਰੋਜ਼ਪੁਰ, 24 ਅਕਤੂਬਰ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਹਲਕਾ ਫ਼ਿਰੋਜ਼ਪੁਰ ਸ਼ਹਿਰ ਦੇ ਕੁਆਰਡੀਨੇਟਰ ਜਸਬੀਰ ਸਿੰਘ ਭੁੱਲਰ ਨੇ ਗੱਲਬਾਤ ਕਰਦਿਆਂ ਪੰਜਾਬ ਅੰਦਰ ਨਸ਼ਿਆਂ ਦੀ ਬੇਕਾਬੂ ਸਥਿਤੀ ਅਤੇ ਕਾਨੂੰਨ ਵਿਵਸਥਾ ਨੂੰ ਲੈ ਕੇ ਤਿੱਖੇ ਸਵਾਲ ਖੜ੍ਹੇ ਕੀਤੇ ਹਨ। ਗੱਲਬਾਤ ਕਰਦਿਆਂ ਜਸਬੀਰ ਸਿੰਘ ਭੁੱਲਰ ਨੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਇਸ ਵੇਲੇ ਨਸ਼ੇ ਦਾ ਗੜ੍ਹ ਬਣ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਹਾਲਾਤ ਦਿਨੋ—ਦਿਨ ਬਹੁਤ ਜ਼ਿਆਦਾ ਮਾੜੇ ਹੁੰਦੇ ਜਾ ਰਹੇ ਹਨ, ਨਸ਼ੇ ਦੀ ਇਸ ਮਾਰ ਹੇਠ ਆ ਕੇ ਪੰਜਾਬ ਦੀ ਨੌਜਵਾਨੀ ਨਸ਼ਿਆਂ ਨਾਲ ਹਰ ਰੋਜ਼ ਖਤਮ ਹੋ ਰਹੀ ਹੈ, ਸੂਬੇ ਦਾ ਭਵਿੱਖ ਮੰਨੇ ਜਾਣ ਵਾਲਾ ਨੌਜਵਾਨ ਵਰਗ ਇਸ ਘਾਤਕ ਨਸ਼ੇ ਕਾਰਨ ਮੌਤ ਦੇ ਮੂੰਹ ਵਿੱਚ ਜਾ ਰਿਹਾ ਹੈ। ਆਗੂ ਨੇ ਸਿਰਫ਼ ਸਮਾਜਿਕ ਪੱਧਰ ਤੇ ਹੀ ਨਹੀਂ, ਸਗੋਂ ਸੁਰੱਖਿਆ ਪ੍ਰਣਾਲੀ ਤੇ ਵੀ ਵੱਡੇ ਸਵਾਲੀਆ ਨਿਸ਼ਾਨ ਲਾਏ ਹਨ। ਗੱਲਬਾਤ ਕਰਦਿਆਂ ਜਸਬੀਰ ਸਿੰਘ ਭੁੱਲਰ ਨੇ ਕਿਹਾ ਕਿ ਇਥੇ ਹੀ ਬੱਸ ਨਹੀਂ, ਹੁਣ ਪੰਜਾਬ ਪੁਲਿਸ ਵਿੱਚ ਬੈਠੀਆਂ ਕਾਲੀਆਂ ਭੇਡਾਂ ਜੋ ਹਰ ਰੋਜ਼ ਪਕੜੇ ਜਾ ਰਹੇ ਹਨ, ਇਸ ਗੋਰਖ ਧੰਦੇ ਨੂੰ ਸਰਪ੍ਰਸਤੀ ਦੇ ਰਹੀਆਂ ਹਨ। ਉਨ੍ਹਾਂ ਖੁਲਾਸਾ ਕੀਤਾ ਕਿ ਇਹ ਪੁਲਿਸ ਕਰਮਚਾਰੀ ਨਸ਼ਾ ਆਪ ਖੁਦ ਵੇਚਦੇ ਹਨ ਅਤੇ ਨਾਲ ਹੀ ਮੋਟੀਆਂ ਰਕਮਾਂ ਲੈ ਕੇ ਨਸ਼ਾ ਵਿਕਵਾਉਂਦੇ ਹਨ, ਜਦੋਂ ਸੁਰੱਖਿਆ ਕਰਨ ਵਾਲੇ ਰਖਵਾਲੇ ਹੀ ਤਸਕਰਾਂ ਦੀ ਭੂਮਿਕਾ ਨਿਭਾਉਣ ਲੱਗਣ ਤਾਂ ਆਮ ਜਨਤਾ ਨੂੰ ਇਨਸਾਫ਼ ਕਿੱਥੋਂ ਮਿਲ ਸਕਦਾ ਹੈ ? ਉਨ੍ਹਾਂ ਨੇ ਪ੍ਰਸ਼ਾਸਨ ਅਤੇ ਸਰਕਾਰ ਨੂੰ ਜ਼ੋਰਦਾਰ ਅਪੀਲ ਕੀਤੀ ਕਿ ਇਸ ਸੰਵੇਦਨਸ਼ੀਲ ਮੁੱਦੇ ਤੇ ਤੁਰੰਤ ਠੋਸ ਕਦਮ ਚੁੱਕੇ ਜਾਣ। ਉਨ੍ਹਾਂ ਮੰਗ ਕੀਤੀ ਕਿ ਨਸ਼ਾ ਤਸਕਰੀ ਕਰਨ ਵਾਲੇ ਅਤੇ ਉਨ੍ਹਾਂ ਦੀ ਪਿੱਠ ਪਿੱਛੇ ਖੜ੍ਹੇ ਸੁਰੱਖਿਆ ਕਰਮਚਾਰੀਆਂ ਨੂੰ ਬਖਸ਼ਿਆ ਨਾ ਜਾਵੇ ਅਤੇ ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੋ ਪੰਜਾਬ ਦੀ ਜਵਾਨੀ ਨੂੰ ਬਚਾਇਆ ਜਾ ਸਕੇ।

# ਕੇਂਦਰ ਦੀ ਫਸਲ ਬੀਮਾ ਯੋਜਨਾ ਰੋਕਕੇ ਆਪ ਸਰਕਾਰ ਨੇ ਕਿਸਾਨਾਂ ਨੂੰ ਕੀਤਾ ਬੇਸਹਾਰਾ—ਲਖਵਿੰਦਰ ਸਿੰਘ ਮੋਮੀ



ਫ਼ਿਰੋਜ਼ਪੁਰ, 24 ਅਕਤੂਬਰ (ਮਨੋਹਰ ਲਾਲ) :— ਕੇਂਦਰ ਸਰਕਾਰ ਦੀ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਨੂੰ ਪੰਜਾਬ ਵਿੱਚ ਲਾਗੂ ਨਾ ਕਰਕੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਦੇ ਕਿਸਾਨਾਂ ਨੂੰ ਪੂਰੀ ਤਰ੍ਹਾਂ ਬੇਸਹਾਰਾ ਛੱਡ ਦਿੱਤਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਕਿਸਾਨ ਮੋਰਚਾ ਦੇ ਪ੍ਰਧਾਨ ਲਖਵਿੰਦਰ ਸਿੰਘ ਮੋਮੀ ਨੇ ਕੀਤਾ। ਉਨ੍ਹਾਂ ਕਿਹਾ ਕਿ ਕੁਦਰਤੀ ਆਫ਼ਤਾਂ ਦੀ ਮਾਰ ਜਿਵੇਂ ਕਿ ਖਰਾਬ ਮੌਸਮ, ਬੇਮੌਸਮੀ ਬਰਸਾਤ ਅਤੇ ਗੜ੍ਹੇਮਾਰੀ ਕਾਰਨ ਹਰ ਸਾਲ ਕਿਸਾਨਾਂ ਦੀ ਲੱਖਾਂ ਏਕੜ ਫਸਲ ਤਬਾਹ ਹੋ ਜਾਂਦੀ ਹੈ, ਪਰ ਬੀਮਾ ਯੋਜਨਾ ਨਾ ਹੋਣ ਕਾਰਨ ਉਨ੍ਹਾਂ ਨੂੰ ਨੁਕਸਾਨ ਦੀ ਭਰਪਾਈ ਨਹੀਂ ਮਿਲਦੀ।

ਉਨਾ ਨੇ ਦੋਸ਼ ਲਾਇਆ ਕਿ ਆਪ ਸਰਕਾਰ ਕਿਸਾਨ ਹਿਤੈਸ਼ੀ ਹੋਣ ਦੇ ਸਿਰਫ਼ ਖੋਖਲੇ ਦਾਅਵੇ ਕਰਦੀ ਹੈ, ਜਦਕਿ ਅਸਲ ਵਿੱਚ ਕਿਸਾਨਾਂ ਦੇ ਭਲੇ ਲਈ ਕੋਈ ਠੋਸ ਨੀਤੀ ਨਹੀਂ ਬਣਾਈ ਗਈ। ਉਨ੍ਹਾਂ ਕਿਹਾ ਕਿ ਖਰਾਬ ਹੋਈਆਂ ਫਸਲਾਂ ਦਾ ਮੁਆਵਜ਼ਾ ਦੇਣ ਵੇਲੇ ਸਰਕਾਰ ਬਹੁਤ ਘੱਟ ਰਾਸ਼ੀ ਜਾਰੀ ਕਰਦੀ ਹੈ, ਜੋ ਕਿਸਾਨਾਂ ਦੇ ਲਾਗਤ ਖਰਚੇ ਦਾ ਇੱਕ ਹਿੱਸਾ ਵੀ ਪੂਰਾ ਨਹੀਂ ਕਰਦੀ ਅਤੇ ਜੇਕਰ ਪੰਜਾਬ ਸਰਕਾਰ ਇਸ ਬੀਮਾ ਯੋਜਨਾ ਨੂੰ ਲਾਗੂ ਕਰਦੀ ਤਾਂ ਕੇਂਦਰ ਸਰਕਾਰ ਤੋਂ ਮਿਲਣ ਵਾਲੀ ਵੱਡੀ ਮਦਦ ਨਾਲ ਕਿਸਾਨਾਂ ਦਾ ਜੋਖਮ ਘੱਟ ਹੋ ਸਕਦਾ ਸੀ ।ਉਨ੍ਹਾਂ ਕਿਹਾ ਕਿ ਫਸਲਾਂ ਦੇ ਨੁਕਸਾਨ ਦੀ ਪੂਰਤੀ ਨਾ ਹੋਣ ਕਾਰਨ ਪੰਜਾਬ ਦਾ ਕਿਸਾਨ ਦਿਨ—ਬ—ਦਿਨ ਕਰਜ਼ੇ ਦੀ ਦਲਦਲ ਵਿੱਚ ਧਸਦਾ ਜਾ ਰਿਹਾ ਹੈ। ਗੁਆਂਢੀ ਸੂਬੇ ਹਰਿਆਣਾ ਵਿੱਚ ਫਸਲ ਬੀਮਾ ਯੋਜਨਾ ਤਹਿਤ ਕਿਸਾਨਾਂ ਨੂੰ ਕਰੋੜਾਂ ਰੁਪਏ ਦਾ ਮੁਆਵਜ਼ਾ ਸਿੱਧਾ ਉਨ੍ਹਾਂ ਦੇ ਖਾਤਿਆਂ ਵਿੱਚ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਸ ਨਾਕਾਮੀ ਅਤੇ ਉਦਾਸੀਨ ਰਵੱਈਏ ਕਾਰਨ ਪੂਰੇ ਪੰਜਾਬ ਦੇ ਕਿਸਾਨਾਂ ਵਿੱਚ ਭਾਰੀ ਰੋਸ ਅਤੇ ਗੁੱਸੇ ਦੀ ਲਹਿਰ ਹੈ। ਕਿਸਾਨ ਜਥੇਬੰਦੀਆਂ ਅਤੇ ਵਿਰੋਧੀ ਧਿਰਾਂ ਨੇ ਮੰਗ ਕੀਤੀ ਹੈ ਕਿ ਪੰਜਾਬ ਵਿੱਚ ਫਸਲ ਬੀਮਾ ਯੋਜਨਾ ਤੁਰੰਤ ਪ੍ਰਭਾਵ ਨਾਲ ਲਾਗੂ ਕੀਤੀ ਜਾਵੇ। ਉਨ੍ਹਾਂ ਸੂਬਾ ਸਰਕਾਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਕਿਸਾਨਾਂ ਦੀਆਂ ਫਸਲਾਂ ਦੇ ਬੀਮੇ ਦਾ ਪੱਕਾ ਪ੍ਰਬੰਧ ਨਾ ਕੀਤਾ ਤਾਂ ਸੂਬੇ ਭਰ ਵਿੱਚ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

# ਫਿਰੋਜ਼ਪੁਰ ਵਿੱਚ ਬਜ਼ੁਰਗ ਮਾਤਾ ਹਰਜੀਤ ਬਾਲਾ ਦੇ ਘਰ ਹੋਈ 5 ਲੱਖ ਦੀ ਚੋਰੀ, ਅਜੇ ਤੱਕ ਕੋਈ ਮੁਲਜ਼ਮ ਕਾਬੂ ਨਹੀਂ, ਮਾਤਾ ਵੱਲੋਂ ਇਨਸਾ.ਫ ਦੀ ਗੁਹਾਰ



ਫ਼ਿਰੋਜ਼ਪੁਰ, 24 ਅਕਤੂਬਰ (ਮਨੋਹਰ ਲਾਲ) :— ਫ਼ਿਰੋਜ਼ਪੁਰ ਸ਼ਹਿਰ ਦੇ ਬਾਬਾ ਰਾਮ ਲਾਲ ਨਗਰ (ਵਾਰਡ ਨੰਬਰ 10, ਗਲੀ ਨੰਬਰ 2) ਵਿੱਚ ਇੱਕ ਬਜ਼ੁਰਗ ਵਿਧਵਾ ਮਾਤਾ ਦੇ ਘਰੋਂ ਲੱਖਾਂ ਰੁਪਏ ਦਾ ਸਾਮਾਨ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ, ਪਰ ਘਟਨਾ ਨੂੰ ਕਾਫ਼ੀ ਸਮਾਂ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਪੁਲਿਸ ਵੱਲੋਂ ਕੋਈ ਵੀ ਚੋਰ ਕਾਬੂ ਨਹੀਂ ਕੀਤਾ ਗਿਆ ਹੈ। ਪੀੜਤ ਬਜ਼ੁਰਗ ਮਾਤਾ ਹਰਜੀਤ ਬਾਲਾ ਵਿਧਵਾ ਕੁਲਦੀਪ ਰੋਸ਼ਨ ਨੇ ਪ੍ਰਸ਼ਾਸਨ ਨੂੰ ਗੁਹਾਰ ਲਗਾਉਂਦਿਆਂ ਮੰਗ ਕੀਤੀ ਹੈ ਕਿ ਉਨ੍ਹਾਂ ਨੂੰ ਜਲਦੀ ਤੋਂ ਜਲਦੀ ਇਨਸਾਫ਼ ਦਿੱਤਾ ਜਾਵੇ ਅਤੇ ਚੋਰਾਂ ਨੂੰ ਫੜ ਕੇ ਉਨ੍ਹਾਂ ਦਾ ਚੋਰੀ ਹੋਇਆ ਸਾਮਾਨ ਵਾਪਸ ਕਰਵਾਇਆ ਜਾਵੇ। ਜਿਕਰਯੋਗ ਹੈ ਕਿ ਮਾਤਾ ਹਰਜੀਤ ਬਾਲਾ ਦੀ ਉਮਰ ਜ਼ਿਆਦਾ ਹੋਣ ਕਾਰਨ ਸਿਹਤ ਠੀਕ ਨਹੀਂ ਰਹਿੰਦੀ, ਜਿਸ ਕਰਕੇ ਉਹ ਆਪਣੇ ਭਰਾ ਮਨਜੀਤ ਸਿੰਘ ਕੋਲ ਰਹਿ ਰਹੀ ਸੀ ਅਤੇ ਜਦੋਂ ਮਾਤਾ ਆਪਣੇ ਭਤੀਜੇ ਨਾਲ ਆਪਣੇ ਘਰ ਵਿੱਚ ਲੱਗੇ ਬੂਟਿਆਂ ਨੂੰ ਪਾਣੀ ਪਾਉਣ ਗਈ ਤਾਂ ਉਸਨੇ ਦੇਖਿਆ ਕਿ ਘਰ ਦਾ ਮੁੱਖ ਦਰਵਾਜ਼ਾ ਟੁੱਟਿਆ ਹੋਇਆ ਸੀ ਅਤੇ ਘਰ ਦੇ ਅੰਦਰ ਜਾ ਕੇ ਦੇਖਿਆ ਤਾਂ ਚੋਰ ਘਰ ਵਿੱਚੋਂ ਸੋਨਾ, ਨਕਦੀ ਅਤੇ ਸਾਰਾ ਘਰੇਲੂ ਸਾਮਾਨ ਚੋਰੀ ਕਰਕੇ ਲੈ ਜਾ ਚੁੱਕੇ ਸਨ ।ਮਾਤਾ ਮੁਤਾਬਕ ਉਨ੍ਹਾਂ ਦੇ ਘਰੋਂ ਕਰੀਬ 5 ਲੱਖ ਰੁਪਏ ਦੇ ਸਾਮਾਨ ਦੀ ਚੋਰੀ ਹੋਈ ਹੈ। ਪ੍ਰਸ਼ਾਸਨ ਤੋਂ ਇਨਸਾਫ਼ ਦੀ ਮੰਗ ਕਰਦਿਆਂ ਪਰਿਵਾਰ ਨੇ ਕਿਹਾ ਕਿ ਘਟਨਾ ਦੀ ਸੂਚਨਾ ਤੁਰੰਤ ਪੁਲਿਸ ਥਾਣਾ ਸਿਟੀ ਨੂੰ ਲਿਖਤੀ ਦਰਖਾਸਤ ਵਜੋਂ ਦਿੱਤੀ ਜਾ ਚੁੱਕੀ ਹੈ, ਪਰ ਹੁਣ ਤੱਕ ਕੋਈ ਵੀ ਮੁਲਜ਼ਮ ਪੁਲਿਸ ਦੀ ਗ੍ਰਿਫ਼ਤ ਵਿੱਚ ਨਹੀਂ ਆਇਆ। ਪਰਿਵਾਰ ਅਤੇ ਇਲਾਕਾ ਨਿਵਾਸੀਆਂ ਨੇ ਸਿਵਲ ਪ੍ਰਸ਼ਾਸਨ ਤੇ ਪੁਲਿਸ ਉੱਚ ਅਧਿਕਾਰੀਆਂ ਤੋਂ ਜ਼ੋਰਦਾਰ ਮੰਗ ਕੀਤੀ ਕਿ ਇਸ ਮਾਮਲੇ ਦੀ ਸਖ਼ਤ ਜਾਂਚ ਕੀਤੀ ਜਾਵੇ, ਚੋਰਾਂ ਨੂੰ ਜਲਦੀ ਬੇਨਕਾਬ ਕੀਤਾ ਜਾਵੇ ਅਤੇ ਇਨਸਾਫ ਦਿਵਾਇਆ ਜਾਵੇਗਾ। ਗੱਲਬਾਤ ਕਰਦਿਆਂ ਬਜ਼ੁਰਗ ਮਾਤਾ ਹਰਜੀਤ ਬਾਲਾ ਨੇ ਅੱਗੇ ਦੱਸਿਆ ਕਿ ਇਸ ਸਬੰਧ ਵਿੱਚ ਪੁਲਿਸ ਥਾਣਾ ਸਿਟੀ ਵੱਲੋਂ ਡਾਇਰੀ ਨੰਬਰ 190 ਮਿਤੀ 6—10—2026 ਹੈ, ਜਦ ਕਿ ਉਨ੍ਹਾਂ ਵੱਲੋਂ ਦਰਖਾਸਤ 4 ਅਕਤੂਬਰ ਨੂੰ ਦਿੱਤੀ ਹੈ। ਬਜ਼ੁਰਗ ਮਾਤਾ ਨੇ ਦੱਸਿਆ ਕਿ ਉਨ੍ਹਾਂ ਦੇ ਘਰ ਦਾ ਸਮਾਨ ਇੱਕ ਸੋਨੇ ਦਾ ਕੜਾ ਦੋ ਚੈਨੀ ਸੋਨੇ ਦੀਆਂ ਤਿੰਨ ਮੁੰਦਰੀਆਂ ਬਿਨਾਂ ਸੀਤੇ ਕੱਪੜੇ 42 ਟੂਟੀਆਂ ਗੇਟਵਾਲ ਤੋਂ ਇਲਾਵਾ ਹੋਰ ਵੀ ਬਹੁਤ ਸਾਰਾ ਸਮਾਨ ਚੋਰੀ ਕਰਕੇ ਲੈ ਗਏ ਹਨ।

### ‘ਮੇਰਾ ਘਰ-ਮੇਰਾ ਮਾਣ’ ਯੋਜਨਾ ਤਹਿਤ ਜੰਡਿਆਲਾ ਗੁਰੂ ਹਲਕੇ ਦੇ 9 ਪਿੰਡਾਂ ਦੇ 1,550 ਜਾਇਦਾਦ ਮਾਲਕਾਂ ਨੂੰ

# ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਵੰਡੇ ਮਾਲਕੀ ਕਾਰਡ



**ਜੰਡਿਆਲਾ ਗੁਰੂ , 24 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਦੀ ‘ਮੇਰਾ ਘਰ-ਮੇਰਾ ਮਾਣ’ ਯੋਜਨਾ ਤਹਿਤ ਲੋਕ ਨਿਰਮਾਣ ਮੰਤਰੀ ਸ.ਹਰਭਜਨ ਸਿੰਘ ਈ.ਟੀ.ਓ. ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ 9 ਪਿੰਡਾਂ ਦੇ 1,550 ਜਾਇਦਾਦ ਮਾਲਕਾਂ ਨੂੰ ਮਾਲਕੀ ਕਾਰਡ ਵੰਡੇ ਗਏ। ਇਨ੍ਹਾਂ ਪਿੰਡਾਂ ਵਿੱਚ ਨਰਾਇਣਗੜ੍ਹ, ਸ਼ਾਹਪੁਰ, ਰਸੂਲਪੁਰ ਖੁਰਦ, ਪੱਲਾ, ਚੂੰਗ, ਛਾਪਾ ਰਾਮ ਸਿੰਘ, ਮੀਰਾਂ ਚੱਕ, ਤਲਵੰਡੀ ਡੋਗਰਾ ਅਤੇ ਖਲਿਹਰਾ ਸ਼ਾਮਲ ਹਨ।ਜੰਡਿਆਲਾ ਗੁਰੂ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਾਲ ਡੋਰੇ ਅਧੀਨ ਆਉਂਦੀਆਂ ਜਾਇਦਾਦਾਂ ਦੇ ਮਾਲਕਾਂ ਨੂੰ ਮਾਲਕੀ ਸਬੰਧੀ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਇਹ ਪਹਿਲਕਦਮੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਮਾਲਕੀ ਸਬੰਧੀ ਦਸਤਾਵੇਜ਼ਾਂ ਦੀ ਘਾਟ ਕਾਰਨ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਹੁਣ ਮਾਲਕੀ ਕਾਰਡ ਜਾਇਦਾਦ ਦੇ ਹੱਕਾਂ ਦੀ ਪਛਾਣ ਸਪੱਸ਼ਟ ਕਰਨ ਅਤੇ ਮਾਲਕੀ ਸਬੰਧੀ ਰਿਕਾਰਡ ਨੂੰ ਵਿਵਸਥਿਤ ਕਰਨ ਵਿੱਚ ਸਹਾਇਕ ਸਿੱਧ ਹੋਣਗੇ।ਉਨ੍ਹਾਂ ਦੱਸਿਆ ਕਿ ਮਾਲਕੀ ਕਾਰਡ ਵਿੱਚ ਜਾਇਦਾਦ ਦੀ ਸਹੀ ਪਛਾਣ ਅਤੇ ਇਸ ਨਾਲ ਸਬੰਧਤ ਵਿਸਥਾਰਪੂਰਵਕ ਜਾਣਕਾਰੀ ਦਰਜ ਕੀਤੀ ਗਈ ਹੈ। ਇਸ ਵਿੱਚ ਜਾਇਦਾਦ ਦੇ ਦੇਸ਼ਾਂਤਰ ਅਤੇ ਵਿਥਕਾਰ, ਛੱਤਿਆ ਹੋਇਆ ਖੇਤਰਫਲ, ਉਸਾਰੀ ਅਧੀਨ ਖੇਤਰਫਲ, ਖੁੱਲ੍ਹਾ ਖੇਤਰਫਲ ਅਤੇ ਸਰਵੇਖਣ ਇਕਾਈ ਦਾ ਨਕਸ਼ਾ ਆਦਿ ਸ਼ਾਮਲ ਹਨ।ਇਨ੍ਹਾਂ ਵੇਰਵਿਆਂ ਨਾਲ ਜਾਇਦਾਦ ਦੀ ਸਥਿਤੀ ਅਤੇ ਖੇਤਰਫਲ ਸਬੰਧੀ ਜਾਣਕਾਰੀ ਨੂੰ ਸਪੱਸ਼ਟ ਅਤੇ ਵਿਵਸਥਿਤ ਢੰਗ ਨਾਲ ਦਰਜ ਕਰਨ ਵਿੱਚ ਮਦਦ ਮਿਲੇਗੀ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਜਾਇਦਾਦ ਦੀ ਮਾਲਕੀ ਸਬੰਧੀ ਦਸਤਾਵੇਜ਼ੀ ਸਪੱਸ਼ਟਤਾ ਦੀ ਘਾਟ ਕਾਰਨ ਕਈ ਵਾਰ ਪਰਿਵਾਰਾਂ ਨੂੰ ਮਾਲਕੀ ਹੱਕਾਂ ਸਬੰਧੀ ਵਿਵਾਦਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਮਾਲਕੀ ਕਾਰਡ ਜਾਇਦਾਦ ਦੇ ਹੱਕਾਂ ਸਬੰਧੀ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣ ਦੇ ਨਾਲ-ਨਾਲ ਅਜਿਹੇ ਵਿਵਾਦਾਂ ਅਤੇ ਮੁਸ਼ਕਲਾਂ ਨੂੰ ਘਟਾਉਣ ਵਿੱਚ ਵੀ ਮਦਦਗਾਰ ਸਾਬਤ ਹੋਣਗੇ।ਇਸ ਮੌਕੇ ਮਾਲਕੀ ਕਾਰਡ ਪ੍ਰਾਪਤ ਕਰਨ ਵਾਲੇ 1,550 ਲਾਭਪਾਤਰੀਆਂ ਨੇ ਜਾਇਦਾਦ ਦੀ ਮਾਲਕੀ ਸਬੰਧੀ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।ਇਸ ਮੌਕੇ ਐੱਸ.ਡੀ.ਐੱਮ. ਅੰਮ੍ਰਿਤਸਰ-1 ਸ੍ਰੀਮਤੀ ਅਲਕਾ ਕਾਲੀਆ, ਤਹਿਸੀਲਦਾਰ ਸ੍ਰੀ ਅੰਗਦ, ਨਾਇਬ ਤਹਿਸੀਲਦਾਰ ਸ੍ਰੀਮਤੀ ਅਕਵਿੰਦਰ ਕੌਰ ਤੋਂ ਇਲਾਵਾ ਇਲਾਕੇ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਪਤਵੰਤੇ ਹਾਜ਼ਰ ਸਨ।

**ਮਾਲਕੀ ਕਾਰਡ ਜਾਇਦਾਦ ਦੇ ਹੱਕਾਂ ਦੀ ਪਛਾਣ ਅਤੇ ਮਾਲਕੀ ਸਬੰਧੀ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣ ਵਿੱਚ ਹੋਣਗੇ ਸਹਾਇਕ: ਹਰਭਜਨ ਸਿੰਘ ਈ.ਟੀ.ਓ.**

ਆਵਾਜ਼ਿ ਕੌਮ AWAZE QAUM International Newspaper & WEB TV

### ਚਲਦਾ ਵਹੀਰ ਗੁਰਮਤਿ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਲਹਿਰ ਤਹਿਤ

# ਗੁਰਦੁਆਰਾ ਗੁਰੂਸਰ ਸਾਹਿਬ ਮਾਦੋਕੇ ਬਰਾੜ ਵਿਖੇ ਕਰਵਾਇਆ ਗੁਰਮਤਿ ਸਮਾਗਮ

**ਨਵੀਂ ਦਿੱਲੀ, 24 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸਿੱਖ ਸੰਗਤਾਂ ਨੂੰ ਗੁਰਬਾਣੀ, ਗੁਰਮਤਿ ਸਿਧਾਂਤਾਂ ਅਤੇ ਸਿੱਖ ਰਹਿਣੀ ਨਾਲ ਜੋੜਨ ਦੇ ਉਦੇਸ਼ ਨਾਲ ਚਲਾਈ ਜਾ ਰਹੀ ਚਲਦਾ ਵਹੀਰ ਗੁਰਮਤਿ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਲਹਿਰ ਤਹਿਤ ਅੱਜ ਗੁਰਦੁਆਰਾ ਗੁਰੂਸਰ ਸਾਹਿਬ, ਮਾਦੋਕੇ ਬਰਾੜ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ ਅਤੇ ਬੀਬੀ ਬਲਵਿੰਦਰ ਕੌਰ ਲੋਪੋਕੇ ਦੇ ਉਪਰਾਲੇ ਨਾਲ ਕਰਵਾਏ ਗਏ ਇਸ ਸਮਾਗਮ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸਾਬਕਾ ਵਿਧਾਇਕ ਸ. ਵੀਰ ਸਿੰਘ ਲੋਪੋਕੇ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ ਅਤੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ, ਨੌਜਵਾਨ ਪੀੜ੍ਹੀ ਅੰਦਰ ਸਿੱਖੀ ਪ੍ਰਤੀ ਚੇਤਨਾ ਪੈਦਾ ਕਰਨ ਤੇ ਅੰਮ੍ਰਿਤਧਾਰੀ ਜੀਵਨ ਜਾਚ ਅਪਨਾਉਣ ਲਈ ਪ੍ਰੇਰਿਤ ਕਰਨ ਦੇ ਮੰਤਵ ਨਾਲ ਚਲਦਾ ਵਹੀਰ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਲਹਿਰ ਤਹਿਤ ਹਰ ਹਲਕੇ ਵਿਚ ਸਮਾਗਮ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਮੀਰੀ-ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨਾਲ ਸਬੰਧਤ ਮੀਰੀ ਪੀਰੀ ਦੇ ਇਤਿਹਾਸਕ ਦਿਹਾੜੇ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਖਾਲਸਾ ਮਾਰਚ ਆਰੰਭ ਕਰਕੇ ਸੰਗਤਾਂ ਨੂੰ ਗੁਰਮਤਿ ਨਾਲ ਜੋੜਨ ਦਾ ਉਪਰਾਲਾ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਅੱਜ ਦੀ ਵੱਡੀ ਸਮੱਸਿਆ ਨੌਜਵਾਨਾਂ ਦਾ ਨਸ਼ਿਆਂ ’ਚ ਗ਼ਲਤਾਨ ਹੋਣਾ ਹੈ। ਪੰਜਾਬ ਦੀ ਨੌਜਵਾਨੀ ਨੂੰ ਅਜਿਹੇ ਮਾਰੂ ਹਮਲੇ ਤੋਂ ਬਚਾਉਣ ਲਈ ਧਾਰਮਿਕ, ਸਮਾਜਿਕ ਅਤੇ ਪਰਿਵਾਰਕ ਪੱਧਰ ’ਤੇ ਸਾਂਝੇ ਯਤਨ ਕਰਨ ਦੀ ਲੋੜ ਹੈ।ਇਸੇ ਮੰਤਵ ਨਾਲ ਪਿੰਡ-ਪਿੰਡ ਗੁਰਮਤਿ ਦੀ ਆਵਾਜ਼ ਬੁਲੰਦ ਕਰਨ ਅਤੇ ਨੌਜਵਾਨਾਂ ਨੂੰ ਗੁਰੂ ਸਾਹਿਬ ਦੇ ਲੜ ਲਾਉਣ ਦਾ ਯਤਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਲਹਿਰ ਤਹਿਤ ਹਰ ਹਲਕੇ ਵਿਚ ਗੁਰਮਤਿ ਸਮਾਗਮ ਕੀਤੇ ਜਾਣਗੇ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਕਥਾ ਵੀਚਾਰ ਕਰਦਿਆਂ ਸੰਗਤਾਂ ਨੂੰ ਗੁਰੂ ਸਾਹਿਬਾਨ ਵੱਲੋਂ ਦਰਸਾਏ ਸੱਚ, ਸੇਵਾ, ਸਿਮਰਨ, ਸਦਾਚਾਰ ਅਤੇ ਸਰਬੱਤ ਦੇ ਭਲੇ ਦੇ ਮਾਰਗ ’ਤੇ ਚੱਲਣ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਸਿੱਖ ਜੀਵਨ ਵਿਚ ਅੰਮ੍ਰਿਤ ਦੀ ਮਹੱਤਤਾ, ਗੁਰਮਤਿ ਰਹਿਣੀ ਅਤੇ ਸਿੱਖੀ ਸਿਧਾਂਤਾਂ ਦੀ ਪਾਲਣਾ ਅਹਿਮ ਹੈ ਅਤੇ ਇਸ ਬਾਰੇ ਜਾਗਰੂਕਤਾ ਪੈਦਾ ਕਰਨਾ ਹਰ ਸਿੱਖ ਦਾ ਫਰਜ਼ ਹੈ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 133 ਪ੍ਰਾਣੀਆਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਸਮਾਗਮ ’ਚ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਭਗਵੰਤ ਸਿੰਘ ਧੰਗੇੜਾ, ਸੀਨੀਅਰ ਅਕਾਲੀ ਆਗੂ ਤੇ ਸਾਬਕਾ ਵਿਧਾਇਕ ਸ. ਵੀਰ ਸਿੰਘ ਲੋਪੋਕੇ, ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਬੀਬੀ ਬਲਵਿੰਦਰ ਕੌਰ, ਮੀਤ ਸਕੱਤਰ ਸ. ਸੁਖਬੀਰ ਸਿੰਘ, ਬਾਬਾ ਰਤਨ ਸਿੰਘ ਕਾਰਸੇਵਾ ਗੁਰੂਸਰ ਬਰਾੜ, ਬਾਬਾ ਸਤਨਾਮ ਸਿੰਘ ਕਾਰ ਸੇਵਾ ਗੁਰੂ ਕੇ ਬਾਗ, ਸੁਪਰਵਾਈਜ਼ਰ ਸ. ਬਲਜੀਤ ਸਿੰਘ, ਸ. ਭੁਪਿੰਦਰ ਸਿੰਘ ਤੇ ਮੋਹਨਦੀਪ ਸਿੰਘ, ਇੰਚਾਰਜ ਸ. ਨਿੰਦਰ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਪ੍ਰਚਾਰਕ ਕਮ ਨਿਗਰਾਨ ਭਾਈ ਬਲਵੰਤ ਸਿੰਘ ਐਨੋਕੋਟ, ਢਾਡੀ ਭਾਈ ਗੁਰਭੇਜ ਸਿੰਘ ਚਵਿੰਡਾ, ਭਾਈ ਮਨਜੀਤ ਸਿੰਘ ਸਹਿਜ ਪਾਠ ਸੇਵਾ ਅੰਮ੍ਰਿਤਸਰ ਸਮੇਤ ਸੰਗਤਾਂ ਮੌਜੂਦ ਸਨ।

**ਗਿਆਨੀ ਅਮਰਜੀਤ ਸਿੰਘ ਅਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਰੀ ਹਾਜ਼ਰੀ**

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਜਥੇਬੰਦਕ ਢਾਂਚੇ ਵਿੱਚ ਕੀਤੀਆਂ ਨਵੀਆਂ ਨਿਯੁਕਤੀਆਂ



ਮੁੱਖ ਦਫ਼ਤਰ ਸ਼੍ਰੋਮਣੀ ਅਕਾਲੀ ਦਲ | ਪੁਨਰ ਸੁਰਜੀਤ | Head Office Shiromani Akali Dal

ਮਿਤੀ 24/10/2026

**ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਜਥੇਬੰਦਕ ਢਾਂਚੇ ਵਿੱਚ ਕੀਤੀਆਂ ਨਵੀਆਂ ਨਿਯੁਕਤੀਆਂ।**

ਚੰਡੀਗੜ੍ਹ-: 24 ਅਕਤੂਬਰ () ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪਾਰਟੀ ਵਿੱਚ ਕੁਝ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ। ਜਿੰਨਾ ਦਾ ਵੇਰਵਾ ਇਸ ਪ੍ਰਕਾਰ ਹੈ-:

| ਮੀਤ ਪ੍ਰਧਾਨ | ਜਨਰਲ ਸਕੱਤਰ | ਜਥੇਬੰਧਕ ਸਕੱਤਰ |
| --- | --- | --- |
| ਸ. ਧਰਮ ਸਿੰਘ ਧਾਰੋਕੀ | ਅਬਦੁਲ ਗੁਫਾਰ ਮਲੇਰਕੋਟਲਾ | ਸ ਸੁਖਵਿੰਦਰ ਸਿੰਘ (ਗੋਦਾਇਆ) |
| ਸ. ਅਰਵਿੰਦਰ ਸਿੰਘ ਪੈਂਟਾ | ਸ. ਮਦਨ ਮੋਹਨ ਸਿੰਘ ਮੂਸਾ (ਸ਼ਾਮਚੁਰਾਸੀ) | ਠੇਕੇਦਾਰ ਗੁਰਚਰਨ ਸਿੰਘ (ਬਲਾਚੌਰ) |
| ਸ. ਸੁਰਜੀਤ ਸਿੰਘ ਦਭਾਲੀ | ਸ. ਲਖਵਿੰਦਰ ਸਿੰਘ ਮੂਸਾ (ਮਾਨਸਾ) | ਸ ਜਗਜੀਤ ਸਿੰਘ ਬੰਡਾਲਾ |
| ਸ੍ਰੀ ਦਵਿੰਦਰ ਕੁਮਾਰ ਲਹਿਰਾ | | ਸ ਸੁਰਿੰਦਰ ਸਿੰਘ ਕਾਦੀਮਾਜਰਾ |

ਸ. ਵਡਾਲਾ ਨੇ ਦੱਸਿਆ ਕਿ ਇਸ ਤੋਂ ਇਲਾਵਾ ਜਨਰਲ ਕੌਂਸਲ ਵਿੱਚ ਵੀ ਕੁੱਝ ਨਵੇਂ ਮੈਂਬਰ ਸ਼ਾਮਲ ਕੀਤੇ ਗਏ ਹਨ ਜਿੰਨਾ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ-:

ਸ. ਅਮਰਜੀਤ ਸਿੰਘ ਕਰੇਤੂ
ਸ੍ਰੀ ਬਿੱਟੂ ਭਸੌੜ
ਸ. ਤਿਰਲੋਕ ਸਿੰਘ ਬਿੱਲੂ (ਸੰਗਰੂਰ)
ਐਡਵੋਕੇਟ ਅਮਰਜੀਤ ਸਿੰਘ (ਖਾਨਪੁਰ)
ਸ. ਨਸੀਬ ਸਿੰਘ ਗੜ੍ਹੋਲੀਆ
ਸ. ਗੁਰਵਿੰਦਰ ਸਿੰਘ ਝਾਮਪੁਰ
ਸ. ਅਜੀਤ ਸਿੰਘ ਮੱਕੜ
ਸ. ਗੁਰਿੰਦਰਪਾਲ ਸਿੰਘ ਸੇਠੀ
ਜੱਥੇਦਾਰ ਤਰਲੋਕ ਸਿੰਘ
ਸ. ਦਲਬਾਰਾ ਸਿੰਘ ਸਰਹਿੰਦ

ਸ. ਵਡਾਲਾ ਨੇ ਕਿਹਾ ਕਿ ਉਪਰੋਕਤ ਸਾਰੇ ਆਗੂਆਂ ਦੀਆਂ ਨਿਯੁਕਤੀਆਂ, ਉਹਨਾਂ ਦੀਆਂ ਪੰਥਕ ਸੇਵਾਵਾਂ ਨੂੰ ਮੁੱਖ ਰੱਖ ਕੇ ਕੀਤੀਆਂ ਗਈਆਂ ਹਨ। ਉਹਨਾਂ ਉਮੀਦ ਪ੍ਰਗਟਾਈ ਕਿ ਨਵੀਂ ਜਿੰਮੇਵਾਰੀ ਨਾਲ ਇਹ ਆਗੂ ਹੋਰ ਵੀ ਤਨਦੇਹੀ ਨਾਲ ਪੰਥ, ਪੰਜਾਬ ਦੀ ਸੇਵਾ ਵਿੱਚ ਤਤਪਰ ਰਹਿਣਗੇ। ਪ੍ਰੈੱਸ ਨੂੰ ਇਹ ਜਾਣਕਾਰੀ ਦਫਤਰ ਸਕੱਤਰ ਸ. ਜਗਜੀਤ ਸਿੰਘ ਕੋਹਲੀ ਅਤੇ ਮੀਡੀਆ ਇੰਚਾਰਜ ਸ. ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤੀ ਗਈ।

(ਸ. ਜਗਜੀਤ ਸਿੰਘ ਕੋਹਲੀ) ਦਫ਼ਤਰ ਸਕੱਤਰ | (ਤਜਿੰਦਰ ਸਿੰਘ ਪੰਨੂ) ਮੀਡਿਆ ਇੰਚਾਰਜ

ਸ਼੍ਰੋਮਣੀ ਅਕਾਲੀ ਦਲ ਪੁਨ(ਅੰਮ੍ਰਿਤਸਰ ਸਾਹਿਬ)

Head Office: 56,57 City Center Market. Opp. Pingalwara Near - Bus Stand, G.T. Road Amritsar Sahib Ph. +919915800524 +918699663440 Email id:- akalidalofficial@gmail.com

Sub Office: 696 3rd Floor, New Chandigarh Manohar Singh Palm Residency Ph. +919915800524 +918699663440 Email id:- akalidalofficial@gmail.com

**ਚੰਡੀਗੜ੍ਹ, 24 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪਾਰਟੀ ਵਿੱਚ ਕੁਝ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ। ਜਿੰਨਾ ਦਾ ਵੇਰਵਾ ਇਸ ਪ੍ਰਕਾਰ ਹੈ-



ਮੀਤ ਪ੍ਰਧਾਨ- 1, ਸ ਧਰਮ ਸਿੰਘ ਧਾਰੋਕੀ। 2, ਸ ਅਰਵਿੰਦਰ ਸਿੰਘ ਪੈਂਟਾ। 3, ਸ ਸੁਰਜੀਤ ਸਿੰਘ ਦਭਾਲੀ। 4, ਸ੍ਰੀ ਦਵਿੰਦਰ ਕੁਮਾਰ ਲਹਿਰਾ।

ਆਵਾਜ਼ਿ ਕੌਮ AWAZE QAUM International Newspaper & WEB TV

ਜਨਰਲ ਸਕੱਤਰ-1, ਅਬਦੁਲ ਗੁਫਾਰ ਮਲੇਰਕੋਟਲਾ। 2, ਸ ਮਦਨ ਮੋਹਨ ਸਿੰਘ ਮੂਸਾ (ਸ਼ਾਮਚੁਰਾਸੀ)। 3, ਸ ਲਖਵਿੰਦਰ ਸਿੰਘ ਮੂਸਾ (ਮਾਨਸਾ)।

ਜਥੇਬੰਧਕ ਸਕੱਤਰ-1, ਸ ਸੁਖਵਿੰਦਰ ਸਿੰਘ (ਗੋਦਾਇਆ)। 2, ਠੇਕੇਦਾਰ ਗੁਰਚਰਨ ਸਿੰਘ (ਬਲਾਚੌਰ)। 3, ਸ ਜਗਜੀਤ ਸਿੰਘ ਬੰਡਾਲਾ। 4, ਸ ਸੁਰਿੰਦਰ ਸਿੰਘ ਕਾਦੀਮਾਜਰਾ।

ਸ ਵਡਾਲਾ ਨੇ ਦੱਸਿਆ ਕਿ ਇਸ ਤੋਂ ਇਲਾਵਾ ਜਨਰਲ ਕੌਂਸਲ ਵਿੱਚ ਵੀ ਕੁੱਝ ਨਵੇਂ ਮੈਂਬਰ ਸ਼ਾਮਲ ਕੀਤੇ ਗਏ ਹਨ ਜਿੰਨਾ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ-;

1, ਸ ਅਮਰਜੀਤ ਸਿੰਘ ਕਹੇੜੂ। 2, ਸ੍ਰੀ ਬਿੱਟੂ ਭਸੌੜ। 3, ਸ ਤਿਰਲੋਕ ਸਿੰਘ ਬਿੱਲੂ (ਸੰਗਰੂਰ)। 4, ਐਡਵੋਕੇਟ ਅਮਰਜੀਤ ਸਿੰਘ (ਖਾਨਪੁਰ)। 5, ਸ ਨਸੀਬ ਸਿੰਘ ਗੜ੍ਹੋਲੀਆ। 6, ਸ ਗੁਰਵਿੰਦਰ ਸਿੰਘ ਝਾਮਪੁਰ। 7, ਸ ਅਜੀਤ ਸਿੰਘ ਮੱਕੜ। 8, ਸ ਗੁਰਿੰਦਰਪਾਲ ਸਿੰਘ ਸੇਠੀ। 9, ਜੱਥੇਦਾਰ ਤਰਲੋਕ ਸਿੰਘ। 10, ਸ ਦਲਬਾਰਾ ਸਿੰਘ ਸਰਹਿੰਦ।

ਸ ਵਡਾਲਾ ਨੇ ਕਿਹਾ ਕਿ ਉਪਰੋਕਤ ਸਾਰੇ ਆਗੂਆਂ ਦੀਆਂ ਨਿਯੁਕਤੀਆਂ, ਉਹਨਾਂ ਦੀਆਂ ਪੰਥਕ ਸੇਵਾਵਾਂ ਨੂੰ ਮੁੱਖ ਰੱਖ ਕੇ ਕੀਤੀਆਂ ਗਈਆਂ ਹਨ। ਉਹਨਾਂ ਉਮੀਦ ਪ੍ਰਗਟਾਈ ਕਿ ਨਵੀਂ ਜਿੰਮੇਵਾਰੀ ਨਾਲ ਇਹ ਆਗੂ ਹੋਰ ਵੀ ਤਨਦੇਹੀ ਨਾਲ ਪੰਥ, ਪੰਜਾਬ ਦੀ ਸੇਵਾ ਵਿੱਚ ਤਤਪਰ ਰਹਿਣਗੇ। ਪ੍ਰੈੱਸ ਨੂੰ ਇਹ ਜਾਣਕਾਰੀ ਦਫਤਰ ਸਕੱਤਰ ਸ ਜਗਜੀਤ ਸਿੰਘ ਕੋਹਲੀ ਅਤੇ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤੀ ਗਈ।

# 70ਵੀ ਪੰਜਾਬ ਰਾਜ ਸਕੂਲ ਕਬੱਡੀ ਨੈਸ਼ਨਲ ਸਟਾਈਲ (ਲੜਕੇ ) ਅੰਡਰ - 17 ਸਾਲ ਚੈਂਪੀਅਨਸ਼ਿਪ ਦੇ ਦੂਸਰੇ ਦਿਨ ਹੋਏ ਆਕਰਸ਼ਕ ਮੁਕਾਬਲੇ

**ਕਪੂਰਥਲਾ,24 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਰਾਜ ਸਿੱਖਿਆ ਵਿਭਾਗ ਵੱਲੋਂ 70ਵੀ ਪੰਜਾਬ ਰਾਜ ਸਕੂਲ ਕਬੱਡੀ ਨੈਸ਼ਨਲ ਸਟਾਈਲ ( ਲੜਕੇ ) ਅੰਡਰ - 17 ਸਾਲ ਚੈਂਪੀਅਨਸ਼ਿਪ ਦੇ ਦੂਸਰੇ ਦਿਨ ਅੱਜ ਆਕਰਸ਼ਕ ਮੁਕਾਬਲੇ ਹੋਏ। ਜਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਕੂਲਜ਼) ਕਪੂਰਥਲਾ ਮੈਡਮ ਮਮਤਾ ਬਜਾਜ ਅਤੇ ਡੀ ਐਮ ( ਸਪੋਰਟਸ) ਕਪੂਰਥਲਾ ਸੁਖਵਿੰਦਰ ਸਿੰਘ ਖੱਸਣ ਦੀ ਅਗਵਾਈ ਹੇਠ ਸ਼ੁਰੂ ਹੋਈ ਉਕਤ ਕਬੱਡੀ ਨੈਸ਼ਨਲ ਸਟਾਈਲ (ਲੜਕੇ ) ਅੰਡਰ - 17 ਸਾਲ ਚੈਂਪੀਅਨਸ਼ਿਪ ਦੇ ਦੂਸਰੇ ਦਿਨ ਵੱਖ-ਵੱਖ ਜਿਲਿਆਂ ਦੀਆਂ 20 ਟੀਮਾਂ ਦੇ ਲੀਗ ਮੈਚ ਹੋਏ। 8 ਟੀਮਾਂ ਦੇ 4 ਕੁਆਰਟਰ ਫਾਈਨਲ ਮੈਚ ਮੁਕਾਬਲੇ ਖੇਡੇ ਗਏ। ਉਕਤ ਹੋਏ ਕੁਆਰਟਰ ਫਾਈਨਲ ਮੁਕਾਬਲਿਆਂ ਵਿੱਚ ਤਰਨਤਾਰਨ ਨੇ ਹੁਸ਼ਿਆਰਪੁਰ ਨੂੰ, ਰੂਪਨਗਰ ਨੇ ਫਾਜ਼ਿਲਕਾ ਨੂੰ , ਸੰਗਰੂਰ ਨੇ ਅੰਮ੍ਰਿਤਸਰ ਨੂੰ ਅਤੇ ਫਤਿਹਗੜ੍ਹ ਸਾਹਿਬ ਨੇ ਕਪੂਰਥਲਾ ਨੂੰ ਹਰਾ ਕੇ ਸੈਮੀਫਾਈਨਲ ਵਿੱਚ ਪ੍ਰਵੇਸ਼ ਕੀਤਾ । ਜਿਲ੍ਹਾ ਟੂਰਨਾਮੈਂਟ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ ,ਪ੍ਰਿੰਸੀਪਲ ਮਨਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਪ੍ਰਿੰਸੀਪਲ ਅਨੁਰਾਗ , ਪ੍ਰਿੰਸੀਪਲ ਨਵਚੇਤਨ ਸਿੰਘ ਸੀਨੀਅਰ ਮੀਤ ਪ੍ਰਧਾਨ ਆਦਿ ਦੀ ਦੇਖ ਰੇਖ ਹੇਠ ਹੋਏ ਦੂਸਰੇ ਦਿਨ ਦੇ ਕਬੱਡੀ ਨੈਸ਼ਨਲ ਸਟਾਈਲ ਦੇ ਮੁਕਾਬਲੇ ਖੇਡ ਰਹੇ ਖ਼ਿਡਾਰੀਆਂ ਨੂੰ ਅਸ਼ੀਰਵਾਦ ਦੇਣ ਲਈ ਸੇਵਾ ਮੁਕਤ ਪ੍ਰਿੰਸੀਪਲ ਅਮਰੀਕ ਸਿੰਘ ਨੰਢਾ, ਲੈਕ: ਸੁਰਜੀਤ ਸਿੰਘ ਥਿੰਦ, ਪੀ ਟੀ ਆਈ ਕੁਲਬੀਰ ਕਾਲੀ ਟਿੱਬਾ, ਡੀ ਪੀ ਈ ਜਗੀਰ ਸਿੰਘ, ਸਟੇਟ ਐਵਾਰਡੀ ਚਰਨਜੀਤ ਸਿੰਘ, ਸਟੇਟ ਐਵਾਰਡੀ ਜਸਵਿੰਦਰ ਸਿੰਘ, ਸਟੇਟ ਐਵਾਰਡੀ ਦਿਨੇਸ਼ ਕੁਮਾਰ ਸ਼ਰਮਾ, ਡੀ ਪੀ ਈ ਸਾਜਨ ਕੁਮਾਰ, ਡੀ ਪੀ ਈ ਨਰਿੰਦਰ ਸਿੰਘ, ਡੀ ਪੀ ਈ ਮੈਡਮ ਅਰਵਿੰਦਰ ਕੌਰ, ਲੈਕ: ਰਾਕੇਸ਼ ਕੁਮਾਰ ਸੈਦਪੁਰ, ਮੁਕੇਸ਼ ਕੁਮਾਰ ਚੌਧਰੀ ਆਦਿ ਵਿਸ਼ੇਸ਼ ਤੌਰ ਪਹੁੰਚੇ। ਡੀ ਐਮ ( ਸਪੋਰਟਸ) ਕਪੂਰਥਲਾ ਸੁਖਵਿੰਦਰ ਸਿੰਘ ਖੱਸਣ ਨੇ ਦੱਸਿਆ ਕਿ 25 ਅਕਤੂਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਸੈਮੀ ਫਾਈਨਲ ਅਤੇ ਫਾਈਨਲ ਮੁਕਾਬਲੇ ਖੇਡੇ ਜਾਣਗੇ ਅਤੇ ਬਾਅਦ ਦੁਪਹਿਰ 2 ਵਜੇ 70ਵੀ ਪੰਜਾਬ ਰਾਜ ਸਕੂਲ ਕਬੱਡੀ ਨੈਸ਼ਨਲ ਸਟਾਈਲ (ਲੜਕੇ ) ਅੰਡਰ - 17 ਸਾਲ ਚੈਂਪੀਅਨਸ਼ਿਪ ਦੇ ਜੇਤੂ ਅਤੇ ਉੱਪ ਜੇਤੂ ਟੀਮਾਂ ਦੇ ਖਿਡਾਰੀਆਂ ਨੂੰ ਯਾਦ ਚਿੰਨ੍ਹ, ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਜੇਹਾ ਚੀਰੀ ਲਿਖਿਆ ਤੇਹਾ ਹੁਕਮ ਕਮਾਹਿ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥

## ਸ੍ਰੀ ਸਹਿਜ ਪਾਠ ਸਾਹਿਬ ਦਾ ਭੋਗ ਅਤੇ ਅੰਤਿਮ ਅਰਦਾਸ



# ਸਰਦਾਰਨੀ ਹਰਦੀਪ ਕੌਰ ਜੀ

### ਧਰਮ ਪਤਨੀ ਸ਼ਹੀਦ ਸ: ਜਗੀਰ ਸਿੰਘ ਜੀ

ਮਾਤਾ ਜੀ ਦੇ ਨਿਮਿੱਤ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਕੀਰਤਨ ਅਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਅਟਾਰੀ ਸਾਹਿਬ ਸੁਲਤਾਨਵਿੰਡ ਅੰਮ੍ਰਿਤਸਰ ਵਿਖੇ 28 ਅਕਤੂਬਰ 2026 ਦਿਨ ਬੁੱਧਵਾਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 01 ਵਜੇ ਤੱਕ ਹੋਵੇਗੀ। ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਵਿਚ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ।

**ਆਪ ਜੀ ਨੇ ਅੰਤਿਮ ਅਰਦਾਸ ਵਿਚ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ।**

ਗੁਰੂ ਦੇ ਭਾਣੇ 'ਚ

**ਭਾਈ ਮੋਹਕਮ ਸਿੰਘ**
(ਦਮਦਮੀ ਟਕਸਾਲ)

ਬੇਟੇ: ਸਵਰਗੀ ਸ. ਮੇਜਰ ਸਿੰਘ ਵਿਰਕ
ਸ. ਨਿਸ਼ਾਨ ਸਿੰਘ ਵਿਰਕ
ਸ. ਕਰਨਜੀਤ ਸਿੰਘ ਵਿਰਕ

ਦਾਮਾਦ: ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ
(ਉਰਫ਼ ਮੁਸੀਬਤ ਸਿੰਘ ਵੈਰੜ)
ਸ. ਮਨਜੀਤ ਸਿੰਘ ਕੋਟਲਾ

ਆਵਾਜ਼ਿ ਕੌਮ AWAZE QAUM
International Newspaper & WEB TV

ਸੰਪਰਕ ਨੰਬਰ: +91 97797-50126, +91 99149-07973

### ਬੈਲਜੀਅਮ 'ਚ ਸਿੱਖ ਧਰਮ ਨੂੰ ਸਰਕਾਰੀ ਮਾਨਤਾ ਦਿਵਾਉਣ ਲਈ

# 25 ਅਕਤੂਬਰ ਨੂੰ ਅਹਿਮ ਇਕੱਤਰਤਾ, ਸਮੂਹ ਸੰਸਥਾਵਾਂ ਨੂੰ ਏਕਤਾ ਦੀ ਅਪੀਲ










**ਲੰਡਨ/ਫਰੈਂਕਫਰਟ, 23 ਅਕਤੂਬਰ (ਸਰਬਜੀਤ ਸਿੰਘ ਬਨੂੜ)** - ਯੂਰਪੀਅਨ ਦੇਸ਼ਾਂ ਵਿੱਚ ਸਿੱਖ ਧਰਮ ਨੂੰ ਵੱਖਰੇ ਧਰਮ ਵਜੋਂ ਸਰਕਾਰੀ ਮਾਨਤਾ ਦਿਵਾਉਣ ਲਈ ਚੱਲ ਰਹੇ ਯਤਨਾਂ ਨੂੰ ਸਫ਼ਲ ਬਣਾਉਣ ਵਾਸਤੇ ਜਰਮਨੀ ਦੀਆਂ ਪ੍ਰਮੁੱਖ ਪੰਥਕ ਜਥੇਬੰਦੀਆਂ ਨੇ ਬੈਲਜੀਅਮ ਦੀਆਂ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਸਿੱਖ ਸੰਸਥਾਵਾਂ ਅਤੇ ਸਾਧ-ਸੰਗਤ ਨੂੰ ਆਪਸੀ ਮਤਭੇਦ ਭੁਲਾ ਕੇ ਇੱਕ ਮੰਚ 'ਤੇ ਇਕੱਠੇ ਹੋਣ ਦੀ ਅਪੀਲ ਕੀਤੀ ਹੈ। ਬੈਲਜੀਅਮ ਵਿੱਚ ਹੋਣ ਵਾਲੀ ਅਹਿਮ ਇਕੱਤਰਤਾ ਨੂੰ ਸਿੱਖ ਧਰਮ ਦੀ ਸਰਕਾਰੀ ਮਾਨਤਾ ਦੇ ਸੰਘਰਸ਼ ਲਈ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ। ਜਰਮਨੀ ਦੀਆਂ ਪੰਥਕ ਜਥੇਬੰਦੀਆਂ ਵੱਲੋਂ ਜਾਰੀ ਸਾਂਝੇ ਬਿਆਨ ਵਿੱਚ ਕਿਹਾ ਗਿਆ ਕਿ ਯੂਰਪ ਦੇ ਕਈ ਦੇਸ਼ਾਂ ਵਿੱਚ ਸਿੱਖ ਧਰਮ ਦੀ ਵੱਖਰੀ ਰਜਿਸਟ੍ਰੇਸ਼ਨ ਅਤੇ ਕਾਨੂੰਨੀ ਮਾਨਤਾ ਸਬੰਧੀ ਗੰਭੀਰ ਮੁਸ਼ਕਲਾਂ ਦਰਪੇਸ਼ ਹਨ। ਭਾਵੇਂ ਆਸਟਰੀਆ ਦੀਆਂ ਸਿੱਖ ਸੰਗਤਾਂ ਇਸ ਦਿਸ਼ਾ ਵਿੱਚ ਸਫ਼ਲਤਾ ਹਾਸਲ ਕਰ ਚੁੱਕੀਆਂ ਹਨ, ਪਰ ਬਾਕੀ ਕਈ ਯੂਰਪੀਅਨ ਦੇਸ਼ਾਂ ਵਿੱਚ ਇਹ ਮਸਲਾ ਅਜੇ ਵੀ ਹੱਲ ਨਹੀਂ ਹੋ ਸਕਿਆ। ਉਨ੍ਹਾਂ ਅਨੁਸਾਰ ਸਰਕਾਰੀ ਨੀਤੀਆਂ ਅਤੇ ਕਾਨੂੰਨੀ ਅੜਚਣਾਂ ਦੇ ਨਾਲ ਸਿੱਖ ਸੰਸਥਾਵਾਂ ਵਿਚਾਲੇ ਇੱਕਸੁਰਤਾ ਦੀ ਘਾਟ ਵੀ ਇਸ ਕਾਰਜ ਵਿੱਚ ਰੁਕਾਵਟ ਬਣ ਰਹੀ ਹੈ। ਜ਼ਿਕਰਯੋਗ ਹੈ ਕਿ ਬੈਲਜੀਅਮ ਵਿੱਚ ਪਹਿਲਾਂ ਦੋ ਸਿੱਖ ਸੰਸਥਾਵਾਂ ਵੱਲੋਂ ਧਰਮ ਦੀ ਰਜਿਸਟ੍ਰੇਸ਼ਨ ਲਈ ਵੱਖੋ-ਵੱਖਰੇ ਯਤਨ ਕੀਤੇ ਗਏ ਸਨ ਪਰ ਸਰਕਾਰ ਵੱਲੋਂ ਕਥਿਤ ਤੌਰ 'ਤੇ ਇਹ ਸਪੱਸ਼ਟ ਕੀਤਾ ਗਿਆ ਕਿ ਸਿੱਖ ਭਾਈਚਾਰੇ ਦੀ ਇੱਕ ਅਜਿਹੀ ਸਰਬਪ੍ਰਵਾਨ ਨੁਮਾਇੰਦਾ ਸੰਸਥਾ ਹੋਣੀ ਚਾਹੀਦੀ ਹੈ, ਜਿਸ ਨਾਲ ਇਸ ਮਾਮਲੇ ਸਬੰਧੀ ਗੱਲਬਾਤ ਅੱਗੇ ਵਧਾਈ ਜਾ ਸਕੇ। ਇਸ ਸਥਿਤੀ ਨੂੰ ਧਿਆਨ ਵਿੱਚ ਰੱਖਦਿਆਂ ਕੁਝ ਪੰਥਕ ਆਗੂਆਂ ਵੱਲੋਂ ਦੋਵਾਂ ਧਿਰਾਂ ਸਮੇਤ ਸਮੂਹ ਗੁਰਦੁਆਰਾ ਸਾਹਿਬਾਨ ਦੀਆਂ ਪ੍ਰਬੰਧਕ ਕਮੇਟੀਆਂ, ਧਾਰਮਿਕ ਸੰਸਥਾਵਾਂ ਅਤੇ ਸਿੱਖ ਸੰਗਤਾਂ ਨੂੰ 25 ਅਕਤੂਬਰ ਦੀ ਇਕੱਤਰਤਾ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ ਹੈ। ਇਸ ਅਪੀਲ ਦਾ ਸਮਰਥਨ ਕਰਦਿਆਂ ਸਿੱਖ ਫੈਡਰੇਸ਼ਨ ਜਰਮਨੀ ਦੇ ਭਾਈ ਗੁਰਮੀਤ ਸਿੰਘ ਖਨਿਆਣ ਅਤੇ ਭਾਈ ਗੁਰਦਿਆਲ ਸਿੰਘ ਲਾਲੀ, ਬੱਬਰ ਖਾਲਸਾ ਜਰਮਨੀ ਦੇ ਜਥੇਦਾਰ ਰੇਸ਼ਮ ਸਿੰਘ ਬੱਬਰ ਅਤੇ ਭਾਈ ਰਜਿੰਦਰ ਸਿੰਘ ਬੱਬਰ, ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ ਦੇ ਭਾਈ ਲਖਵਿੰਦਰ ਸਿੰਘ ਮੱਲ੍ਹੀ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਰਮਨੀ ਦੇ ਭਾਈ ਹੀਰਾ ਸਿੰਘ ਮੱਤੇਵਾਲ ਅਤੇ ਦਲ ਖ਼ਾਲਸਾ ਜਰਮਨੀ ਦੇ ਭਾਈ ਹਰਮੀਤ ਸਿੰਘ ਤੇ ਭਾਈ ਅੰਗਰੇਜ਼ ਸਿੰਘ ਨੇ ਕਿਹਾ ਕਿ ਇਹ ਸਮਾਂ ਨਿੱਜੀ ਹਿੱਤਾਂ ਅਤੇ ਸੰਸਥਾਗਤ ਵਖਰੇਵਿਆਂ ਤੋਂ ਉੱਪਰ ਉੱਠ ਕੇ ਸਾਂਝਾ ਫ਼ੈਸਲਾ ਲੈਣ ਦਾ ਹੈ। ਪੰਥਕ ਆਗੂਆਂ ਨੇ ਕਿਹਾ ਕਿ ਬੈਲਜੀਅਮ ਦੀਆਂ ਸਮੂਹ ਸਿੱਖ ਸੰਸਥਾਵਾਂ ਨੂੰ ਸਰਬਸੰਮਤੀ ਨਾਲ ਇੱਕ ਸਾਂਝੀ ਨੁਮਾਇੰਦਾ ਸੰਸਥਾ ਦਾ ਗਠਨ ਕਰਨਾ ਚਾਹੀਦਾ ਹੈ, ਜੋ ਸਿੱਖ ਧਰਮ ਦੀ ਸਰਕਾਰੀ ਮਾਨਤਾ ਲਈ ਬੈਲਜੀਅਮ ਸਰਕਾਰ ਨਾਲ ਗੱਲਬਾਤ ਕਰ ਸਕੇ। ਉਨ੍ਹਾਂ ਕਿਹਾ ਕਿ ਅਜਿਹੀ ਸੰਸਥਾ ਨੂੰ ਸਮੁੱਚੇ ਸਿੱਖ ਭਾਈਚਾਰੇ ਦਾ ਭਰੋਸਾ ਅਤੇ ਸਹਿਯੋਗ ਪ੍ਰਾਪਤ ਹੋਣਾ ਬਹੁਤ ਜ਼ਰੂਰੀ ਹੈ। ਆਗੂਆਂ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਯੂਰਪ ਦੇ ਕਈ ਦੇਸ਼ਾਂ ਵਿੱਚ ਸਿੱਖ ਧਰਮ ਦੀ ਵੱਖਰੀ ਕਾਨੂੰਨੀ ਪਛਾਣ ਸਬੰਧੀ ਸਮੱਸਿਆਵਾਂ ਕਾਰਨ ਸਿੱਖਾਂ ਨੂੰ ਆਪਣੇ ਧਾਰਮਿਕ ਚਿੰਨ੍ਹ ਧਾਰਨ ਕਰਨ, ਧਾਰਮਿਕ ਅਧਿਕਾਰਾਂ ਦੀ ਵਰਤੋਂ ਕਰਨ ਅਤੇ ਕੁਝ ਸਮਾਜਿਕ ਸਹੂਲਤਾਂ ਪ੍ਰਾਪਤ ਕਰਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਅਨੁਸਾਰ ਇਨ੍ਹਾਂ ਮਸਲਿਆਂ ਦੇ ਪੱਕੇ ਹੱਲ ਲਈ ਸਰਕਾਰਾਂ ਨਾਲ ਸਾਂਝੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਗੱਲਬਾਤ ਕਰਨੀ ਸਮੇਂ ਦੀ ਲੋੜ ਹੈ। ਜਰਮਨੀ ਦੀਆਂ ਪੰਥਕ ਜਥੇਬੰਦੀਆਂ ਨੇ ਕਿਹਾ ਕਿ ਬੈਲਜੀਅਮ ਦੀਆਂ ਸਿੱਖ ਸੰਗਤਾਂ ਕੋਲ ਇੱਕ ਇਤਿਹਾਸਕ ਮਿਸਾਲ ਕਾਇਮ ਕਰਨ ਦਾ ਮੌਕਾ ਹੈ। ਜੇਕਰ ਸਮੂਹ ਸੰਸਥਾਵਾਂ ਆਪਸੀ ਸਹਿਮਤੀ ਨਾਲ ਸਿੱਖ ਧਰਮ ਦੀ ਸਰਕਾਰੀ ਮਾਨਤਾ ਲਈ ਸਫ਼ਲ ਉਪਰਾਲਾ ਕਰਦੀਆਂ ਹਨ ਤਾਂ ਇਹ ਪ੍ਰਾਪਤੀ ਸਿਰਫ਼ ਬੈਲਜੀਅਮ ਤੱਕ ਸੀਮਤ ਨਹੀਂ ਰਹੇਗੀ, ਸਗੋਂ ਯੂਰਪ ਦੇ ਹੋਰਨਾਂ ਦੇਸ਼ਾਂ ਵਿੱਚ ਵੱਸਦੇ ਸਿੱਖਾਂ ਲਈ ਵੀ ਮਾਰਗਦਰਸ਼ਕ ਸਾਬਤ ਹੋ ਸਕਦੀ ਹੈ। ਆਗੂਆਂ ਨੇ ਬੈਲਜੀਅਮ ਦੀ ਸਮੁੱਚੀ ਸਾਧ-ਸੰਗਤ ਨੂੰ ਅਪੀਲ ਕੀਤੀ ਕਿ 25 ਅਕਤੂਬਰ ਦੀ ਇਕੱਤਰਤਾ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਕੇ ਸਰਬਸੰਮਤੀ ਨਾਲ ਅਜਿਹਾ ਫ਼ੈਸਲਾ ਲਿਆ ਜਾਵੇ, ਜਿਸ ਨਾਲ ਸਿੱਖ ਧਰਮ ਦੀ ਵੱਖਰੀ ਪਛਾਣ ਅਤੇ ਕਾਨੂੰਨੀ ਮਾਨਤਾ ਦਾ ਰਾਹ ਪੱਧਰਾ ਹੋ ਸਕੇ। ਉਨ੍ਹਾਂ ਕਿਹਾ ਕਿ ਸਿੱਖ ਧਰਮ ਦੀ ਪਛਾਣ ਦਾ ਮਸਲਾ ਕਿਸੇ ਇੱਕ ਸੰਸਥਾ ਜਾਂ ਧੜੇ ਦਾ ਨਹੀਂ, ਸਗੋਂ ਸਮੁੱਚੇ ਸਿੱਖ ਭਾਈਚਾਰੇ ਦੇ ਧਾਰਮਿਕ ਅਧਿਕਾਰਾਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨਾਲ ਜੁੜਿਆ ਹੋਇਆ ਹੈ।

**ਬੈਲਜੀਅਮ ਦੀਆਂ ਸਿੱਖ ਸੰਗਤਾਂ ਦਾ ਸਾਂਝਾ ਉਪਰਾਲਾ ਯੂਰਪ ਦੇ ਹੋਰਨਾਂ ਦੇਸ਼ਾਂ ਲਈ ਬਣ ਸਕਦਾ ਹੈ ਮਾਰਗਦਰਸ਼ਕ - ਜਰਮਨੀ ਦੀਆਂ ਪੰਥਕ ਜਥੇਬੰਦੀਆਂ**

ਆਵਾਜ਼ਿ ਕੌਮ AWAZE QAUM International Newspaper & WEB TV

# 'ਆਪ' ਇੰਚਾਰਜ ਜੱਸਾ ਪੱਟੀ ਨੇ ਗਾਂਧੀ ਸੱਥ ਚੌਕ ਤੋਂ ਗੁਰਦੁਆਰਾ ਭੱਠ ਸਾਹਿਬ ਤੱਕ ਨਵੀਂ ਸੜਕ ਲੋਕ ਅਰਪਣ ਕੀਤੀ



**ਪੱਟੀ, 24 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ ਪੱਟੀ ਤੋਂ ਹਲਕਾ ਇੰਚਾਰਜ ਜਸਕੰਵਰ ਸਿੰਘ ਜੱਸਾ ਪੱਟੀ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਹਲਕਾ ਪੱਟੀ ਵਿੱਚ ਰੁਕੇ ਹੋਏ ਵਿਕਾਸ ਕਾਰਜ ਬਿਨਾਂ ਕਿਸੇ ਭੇਦਭਾਵ ਦੇ ਮੁਕੰਮਲ ਕਰਵਾਉਣ ਲਈ ਯਤਨ ਕੀਤੇ ਜਾ ਰਹੇ ਹਨ। ਉਹ ਸ਼ਨੀਵਾਰ ਨੂੰ ਗਾਂਧੀ ਸੱਥ ਚੌਕ ਤੋਂ ਗੁਰਦੁਆਰਾ ਬਾਬਾ ਬਿਧੀ ਚੰਦ ਜੀ, ਭੱਠ ਸਾਹਿਬ ਤੱਕ ਬਣਾਈ ਗਈ ਨਵੀਂ ਸੜਕ ਦਾ ਉਦਘਾਟਨ ਕਰਨ ਮੌਕੇ ਸੰਬੋਧਨ ਕਰ ਰਹੇ ਸਨ। ਇਸ ਮੌਕੇ ਜੱਸਾ ਪੱਟੀ ਨੇ ਕਿਹਾ ਕਿ ਸੜਕ ਦੀ ਮਾੜੀ ਹਾਲਤ ਕਾਰਨ ਸ਼ਹਿਰ ਵਾਸੀਆਂ ਅਤੇ ਰਾਹਗੀਰਾਂ ਨੂੰ ਲੰਮੇ ਸਮੇਂ ਤੋਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਨਵੀਂ ਸੜਕ ਬਣਨ ਨਾਲ ਲੋਕਾਂ ਨੂੰ ਆਵਾਜਾਈ ਵਿੱਚ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਇਤਿਹਾਸਕ ਸ਼ਹਿਰ ਪੱਟੀ ਦੇ ਸਰਬਪੱਖੀ ਵਿਕਾਸ ਲਈ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਉਨ੍ਹਾਂ ਦੀ ਪਹਿਲ ਹੈ। ਇਸ ਮੌਕੇ ਉਨ੍ਹਾਂ ਨੇ ਬੱਸ ਅੱਡੇ ਤੋਂ ਲਾਹੌਰ ਰੋਡ ਰੇਲਵੇ ਫਾਟਕ ਤੱਕ ਬਣ ਰਹੀ ਸੜਕ ਦੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਵੀ ਲਿਆ। ਉਨ੍ਹਾਂ ਕਿਹਾ ਕਿ ਇਸ ਸੜਕ ਦਾ ਕੰਮ ਜਲਦੀ ਮੁਕੰਮਲ ਕਰਵਾਉਣ ਦੇ ਯਤਨ ਕੀਤੇ ਜਾ ਰਹੇ ਹਨ। ਠੇਕੇਦਾਰ ਨੂੰ ਨਿਰਧਾਰਤ ਮਾਪਦੰਡਾਂ ਅਨੁਸਾਰ ਗੁਣਵੱਤਾ ਵਾਲੀ ਸਮੱਗਰੀ ਵਰਤਣ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਵਚਨਬੱਧ ਹੈ ਅਤੇ ਪੱਟੀ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਲਗਾਤਾਰ ਤਰਜੀਹ ਦਿੱਤੀ ਜਾਵੇਗੀ। ਇਸ ਮੌਕੇ ਇੰਦਰਜੀਤ ਸਿੰਘ ਗਿੱਲ ਚੂਸਲੇਵੜ, ਕੌਂਸਲਰ ਕੰਵਲਪ੍ਰੀਤ ਸਿੰਘ ਗਿੱਲ, ਕੌਂਸਲਰ ਰਾਜਨਪ੍ਰੀਤ ਸਿੰਘ ਸੱਗੂ, ਵਿਨੋਦ ਕੁਮਾਰ ਖੰਨਾ, ਕੌਂਸਲਰ ਸੁਖਨਿੰਦਰ ਸਿੰਘ ਸੇਖੋਂ, ਇੰਦਰਜੀਤ ਸਿੰਘ ਲਾਡਾ, ਰਵੀ ਧਾਮੀ, ਪ੍ਰਿੰਨੇ ਪ੍ਰਭਾਕਰ, ਸੋਹਨ ਲਾਲ, ਰਾਜੀਵ ਗੱਬਰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਇੱਕ ਨਜ਼ਰ...



# ਸਟੱਡੀ ਸਰਕਲ ਵੱਲੋਂ ਕਾਲਜ ਵਿਦਿਆਰਥੀਆਂ ਦਾ ਨੈਤਿਕ ਸਿੱਖਿਆ ਇਮਤਿਹਾਨ ਕਰਵਾਇਆ ਗਿਆ

ਸੰਗਰੂਰ, 24 ਅਕਤੂਬਰ ( ਨਰੇਸ਼ ਬਾਗੀਆਂ)- ਧਾਰਮਿਕ, ਸਮਾਜਿਕ ਤੇ ਅਕਾਦਮਿਕ ਗਤੀਵਿਧੀਆਂ ਵਿੱਚ ਮੋਹਰੀ ਅੰਤਰਰਾਸ਼ਟਰੀ ਸੰਸਥਾ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਪੰਜਾਬ ਦੇ ਵੱਖ ਵੱਖ ਜ਼ੋਨਾਂ ਵਿੱਚ ਕਾਲਜ ਵਿਦਿਆਰਥੀਆਂ ਦਾ ਨੈਤਿਕ ਸਿੱਖਿਆ ਇਮਤਿਹਾਨ ਕਰਵਾਇਆ ਗਿਆ। ਇਸੇ ਲੜੀ ਤਹਿਤ ਸੰਗਰੂਰ- ਬਰਨਾਲਾ -ਮਾਲੇਰਕੋਟਲਾ- ਮਾਨਸਾ ਜ਼ੋਨ ਦੇ ਵੱਖ ਵੱਖ ਖੇਤਰਾਂ ਵਿੱਚ ਇਹ ਇਮਤਿਹਾਨ ਜ਼ੋਨਲ ਕੌਂਸਲ ਦੇ ਪ੍ਰਧਾਨ ਕੁਲਵੰਤ ਸਿੰਘ ਨਾਗਰੀ, ਅਜਮੇਰ ਸਿੰਘ ਜ਼ੋਨਲ ਸਕੱਤਰ, ਲਾਭ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ ਡਿਪਟੀ ਚੀਫ਼ ਆਰਗੇਨਾਈਜ਼ਰ, ਗੁਰਮੇਲ ਸਿੰਘ ਵਿੱਤ ਸਕੱਤਰ, ਬਲਵੰਤ ਸਿੰਘ ਭਿੱਖੀ ਪ੍ਰਧਾਨ ਸੰਗਰੂਰ, ਪ੍ਰੋ ਨਰਿੰਦਰ ਸਿੰਘ ਅਕਾਦਮਿਕ ਖੇਤਰ, ਚਰਨਕਮਲ ਸਿੰਘ ਸ਼ੇਖੋਂ ਸਲਾਹਕਾਰ, ਹਰਵਿੰਦਰ ਕੌਰ ਐਡੀਸ਼ਨਲ ਜ਼ੋਨਲ ਸਕੱਤਰ ਇਸਤਰੀ ਕੌਂਸਲ ਦੀ ਦੇਖ ਰੇਖ ਕਰਵਾਇਆ ਗਿਆ। ਸੰਗਰੂਰ ਦੇ ਅਕਾਲ ਡਿਗਰੀ ਕਾਲਜ ਫਾਰ ਵੂਮੈਨ ਵਿਖੇ ਸਥਾਨਿਕ ਕਾਲਜ ਦੇ ਵਿਦਿਆਰਥੀਆਂ ਤੋਂ ਇਲਾਵਾ ਅਕਾਲ ਕਾਲਜ ਆਫ ਐਜੂਕੇਸ਼ਨ ਫ਼ਤਹਿਗੜ੍ਹ ਛੰਨਾ, ਲਾਈਫ ਗਾਰਡ ਇੰਸਟੀਚਿਊਟ ਆਫ ਨਰਸਿੰਗ ਕਲੌਦੀ, ਸਰਕਾਰੀ ਰਣਬੀਰ ਕਾਲਜ ਸੰਗਰੂਰ, ਭਾਈ ਗੁਰਦਾਸ ਕਾਲਜ ਆਫ ਲਾਅ ਸਮੇਤ 100 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਜਿਸ ਵਿੱਚ ਪ੍ਰੋ ਅਵਿਨਾਸ਼ ਕੌਰ ਪੀਖਿਆ ਨਿਗਰਾਨ ਦੇ ਨਾਲ ਪ੍ਰੋ ਜਸਮੀਨ ਕੌਰ, ਪ੍ਰੋ ਹਰਸ਼ਿਤਾ ਸ਼ਰਮਾ ਨੇ ਡਿਊਟੀ ਨਿਭਾਈ। ਕਾਰਜਕਾਰੀ ਪ੍ਰਿੰਸੀਪਲ ਰਜਵੰਤ ਕੌਰ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸੇ ਤਰ੍ਹਾਂ ਮਸਤੂਆਣਾ ਸਾਹਿਬ ਦੇ ਡਿਗਰੀ ਕਾਲਜ, ਡੀ ਫਾਰਮੇਸੀ ਕਾਲਜ, ਫਿਜੀਕਲ ਕਾਲਜ, ਐਜੂਕੇਸ਼ਨ ਕਾਲਜ ਤੇ ਗੁਰਮਤਿ ਕਾਲਜ ਦੇ ਵਿਦਿਆਰਥੀਆਂ ਨੇ ਇਮਤਿਹਾਨ ਵਿੱਚ ਭਾਗ ਲਿਆ। ਜਿਸ ਲਈ ਪ੍ਰੋ ਰਮਨਦੀਪ ਕੌਰ, ਪ੍ਰੋ ਅਮਨਿੰਦਰ ਕੌਰ, ਪ੍ਰੋ ਜਸਪ੍ਰੀਤ ਸਿੰਘ, ਪ੍ਰੋ ਮੰਗਤ ਰਾਏ, ਪ੍ਰੋ ਰਮਨਦੀਪ ਵਿਰਕ, ਪ੍ਰੋ ਤੇਜਿੰਦਰ ਕੌਰ ਨੇ ਨਿਗਰਾਨ ਅਮਲੇ ਦੀ ਡਿਊਟੀ ਨਿਭਾਈ। ਸੰਤ ਅਤਰ ਸਿੰਘ ਖਾਲਸਾ ਕਾਲਜ ਸੰਦੌੜ ਵਿਖੇ ਪ੍ਰਿੰਸੀਪਲ ਬਲਵੰਤ ਸਿੰਘ ਅਤੇ ਪ੍ਰੋ ਬੱਚਿਤਰ ਸਿੰਘ , ਹਰਜਿੰਦਰ ਕੌਰ ਦਾ ਸਹਿਯੋਗ ਰਿਹਾ। ਗੁਰੂ ਤੇਗ ਬਹਾਦਰ ਕਾਲਜ ਭਵਾਨੀਗੜ੍ਹ ਦੇ ਡਾ: ਗੁਰਪ੍ਰੀਤ ਸਿੰਘ, ਡਾ ਸੁਰਿੰਦਰ ਕੁਮਾਰ ਦੀ ਅਗਵਾਈ ਵਿੱਚ ਪੀਖਿਆ ਹੋਈ। ਯੂਨੀਵਰਸਲ ਕਾਲਜ ਪਾਤੜਾਂ ਵਿਚ, ਪ੍ਰੋ ਅਮਨਦੀਪ ਕੌਰ ਦੇ ਨਾਲ ਰਾਮ ਸਿੰਘ ਪ੍ਰਧਾਨ ਨਾਗਰੀ, ਗੁਰਤੇਜ ਸਿੰਘ, ਨਛੱਤਰ ਸਿੰਘ ਸਰਪੰਚ ਦਾ ਵਿਸ਼ੇਸ਼ ਸਹਿਯੋਗ ਰਿਹਾ। ਦੇਸ਼ ਭਗਤ ਕਾਲਜ ਬਰੜਵਾਲ ਧੂਰੀ ਵਿਖੇ ਪ੍ਰੋ ਇੰਚਾਰਜ ਡਾ ਭਰਤਇੰਦਰ ਸਿੰਘ ਦੇ ਨਾਲ ਪ੍ਰੋ ਲਲਿਤ ਕੁਮਾਰ, ਸਲੀਮ ਮੁਹੰਮਦ , ਮਨਪ੍ਰੀਤ ਸਿੰਘ, ਦਲਵਿੰਦਰ ਕੌਰ ਨੇ ਨਿਗਰਾਨ ਅਮਲੇ ਦੀ ਡਿਊਟੀ ਨਿਭਾਈ ਜਦੋਂ ਕਿ ਪ੍ਰਿੰਸੀਪਲ ਡਾ ਬਲਵੀਰ ਸਿੰਘ ਅਤੇ ਪ੍ਰੋ ਗੁਰਮੀਤ ਕੌਰ ਯੂਥ ਕੋਆਰਡੀਨੇਟਰ ਨੇ ਹਾਜ਼ਰ ਹੋ ਕੇ ਸਟੱਡੀ ਸਰਕਲ ਦੇ ਇਸ ਉਦੱਮ ਦੀ ਸ਼ਲਾਘਾ ਕੀਤੀ। ਸ਼ਹੀਦ ਊਧਮ ਸਿੰਘ ਗਰੁੱਪ ਆਫ ਇੰਸਟੀਚਿਊਸ਼ਨਜ਼ ਮਹਿਲਾਂ ਚੌਕ ਵਿਖੇ ਪ੍ਰਿੰਸੀਪਲ ਡਾ ਕੁਲਵੰਤ ਸਿੰਘ ਅਤੇ ਕੋਆਰਡੀਨੇਟਰ ਪ੍ਰੋ ਅਰਸ਼ਦੀਪ ਕੌਰ ਦੀ ਦੇਖ ਰੇਖ ਇਮਤਿਹਾਨ ਹੋਇਆ। ਇਸੇ ਤਰ੍ਹਾਂ ਬਰਨਾਲਾ ਖੇਤਰ ਵਿੱਚ ਹਰਮਨਜੀਤ ਸਿੰਘ ਕੋਆਰਡੀਨੇਟਰ, ਅਵਤਾਰ ਸਿੰਘ ਲੀਲਾ, ਗੁਰਮੀਤ ਸਿੰਘ ਮੀਮਸਾ ਦੀ ਦੇਖ ਰੇਖ ਇਮਤਿਹਾਨ ਕਰਵਾਇਆ ਗਿਆ। ਜ਼ੋਨਲ ਪ੍ਰਧਾਨ ਕੁਲਵੰਤ ਸਿੰਘ ਨਾਗਰੀ ਨੇ ਸਬੰਧਤ ਕਾਲਜਾਂ ਦੇ ਪ੍ਰਿੰਸੀਪਲ ਸਾਹਿਬਾਨ, ਪ੍ਰੋ ਇੰਚਾਰਜ ਅਤੇ ਨਿਗਰਾਨ ਅਮਲੇ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ।

# ਪਰਮਿੰਦਰ ਝੋਟਾ ਇਨਸਾਫ਼ ਮੋਰਚੇ ਦੇ ਸੱਦੇ 'ਤੇ ਪਿੰਡਾਂ ਵਿੱਚ ਝਾੜੂ ਫੂਕ ਕੇ ਰੋਸ ਪ੍ਰਗਟ ਕਰਨ ਪੰਜਾਬੀ: ਵਿਧਾਇਕ ਖਹਿਰਾ



ਅੰਮ੍ਰਿਤਸਰ, 24 ਅਕਤੂਬਰ (ਆਵਾਜ਼ਿ ਕੌਮ ਬਿਊਰੋ )- ਵਿਧਾਨ ਸਭਾ ਹਲਕਾ ਭੁਲੱਥ ਦੇ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਸੋਸ਼ਲ ਮੀਡੀਆ ਰਾਹੀਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਰਮਿੰਦਰ ਸਿੰਘ ਝੋਟਾ ਦੇ ਇਨਸਾਫ਼ ਮੋਰਚੇ ਵੱਲੋਂ ਉਲੀਕੇ ਗਏ ਪ੍ਰੋਗਰਾਮ ਤਹਿਤ ਆਪੋ-ਆਪਣੇ ਪਿੰਡਾਂ ਵਿੱਚ ਝਾੜੂ ਫੂਕ ਕੇ ਆਪਣਾ ਰੋਸ ਪ੍ਰਗਟ ਕਰਨ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਰਾਹੀਂ ਪੰਜਾਬ ਸਰਕਾਰ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਦੇ ਡੀ.ਜੀ.ਪੀ. ਦੇ ਅਸਤੀਫ਼ਿਆਂ ਦੀ ਮੰਗ ਕੀਤੀ ਜਾਵੇ। ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਪੰਜਾਬੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਰਮਿੰਦਰ ਝੋਟਾ ਦੇ ਇਨਸਾਫ਼ ਮੋਰਚੇ ਵੱਲੋਂ ਦਿੱਤੇ ਗਏ ਸੱਦੇ ਨੂੰ ਗੰਭੀਰਤਾ ਨਾਲ ਲੈਂਦਿਆਂ ਲੋਕਾਂ ਨੂੰ ਇਸ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਉਨ੍ਹਾਂ ਅਨੁਸਾਰ, ਪਿੰਡਾਂ ਵਿੱਚ ਝਾੜੂ ਫੂਕ ਕੇ ਰੋਸ ਪ੍ਰਗਟ ਕਰਨਾ ਸਰਕਾਰ ਪ੍ਰਤੀ ਆਪਣੀ ਨਾਰਾਜ਼ਗੀ ਜ਼ਾਹਰ ਕਰਨ ਦਾ ਇੱਕ ਤਰੀਕਾ ਹੈ। ਉਨ੍ਹਾਂ ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਪ੍ਰੋਗਰਾਮ ਨੂੰ ਲੋਕ ਲਹਿਰ ਦਾ ਰੂਪ ਦੇਣ ਲਈ ਆਪਣਾ ਯੋਗਦਾਨ ਪਾਉਣ। ਵਿਧਾਇਕ ਖਹਿਰਾ ਨੇ ਆਪਣੇ ਸੰਦੇਸ਼ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਅਤੇ ਡੀ.ਜੀ.ਪੀ. ਦੇ ਅਸਤੀਫ਼ਿਆਂ ਦੀ ਮੰਗ ਨੂੰ ਪ੍ਰਮੁੱਖਤਾ ਨਾਲ ਉਠਾਇਆ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਪਣੇ ਰੋਸ ਅਤੇ ਮੰਗਾਂ ਨੂੰ ਜਮਹੂਰੀ ਢੰਗ ਨਾਲ ਸਰਕਾਰ ਤੱਕ ਪਹੁੰਚਾਉਣਾ ਚਾਹੀਦਾ ਹੈ। ਉਨ੍ਹਾਂ ਵੱਲੋਂ ਦਿੱਤੇ ਗਏ ਸੱਦੇ ਦਾ ਮੁੱਖ ਉਦੇਸ਼ ਪਰਮਿੰਦਰ ਝੋਟਾ ਦੇ ਮਾਮਲੇ ਨੂੰ ਲੈ ਕੇ ਚੱਲ ਰਹੇ ਇਨਸਾਫ਼ ਮੋਰਚੇ ਦੇ ਪ੍ਰੋਗਰਾਮ ਨੂੰ ਸਮਰਥਨ ਦੇਣਾ ਅਤੇ ਸਰਕਾਰ ਉੱਤੇ ਜਵਾਬਦੇਹੀ ਲਈ ਦਬਾਅ ਬਣਾਉਣਾ ਹੈ। ਵਿਧਾਇਕ ਖਹਿਰਾ ਨੇ ਪੰਜਾਬ ਦੇ ਲੋਕਾਂ ਨੂੰ ਕਿਹਾ ਕਿ ਉਹ ਆਪੋ-ਆਪਣੇ ਪਿੰਡਾਂ ਵਿੱਚ ਇਕੱਠੇ ਹੋ ਕੇ ਇਸ ਰੋਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਕਰਨ ਅਤੇ ਆਪਣੀਆਂ ਮੰਗਾਂ ਨੂੰ ਸਾਂਝੇ ਤੌਰ 'ਤੇ ਉਠਾਉਣ। ਉਨ੍ਹਾਂ ਅਪੀਲ ਕੀਤੀ ਕਿ ਪੰਜਾਬ ਦੇ ਲੋਕ ਇਸ ਮਾਮਲੇ ਵਿੱਚ ਆਪਣੀ ਆਵਾਜ਼ ਬੁਲੰਦ ਕਰਨ ਅਤੇ ਇਨਸਾਫ਼ ਦੀ ਮੰਗ ਨੂੰ ਹੋਰ ਮਜ਼ਬੂਤ ਬਣਾਉਣ। ਇਸ ਤਰ੍ਹਾਂ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਪਰਮਿੰਦਰ ਝੋਟਾ ਇਨਸਾਫ਼ ਮੋਰਚੇ ਦੇ ਸੱਦੇ ਨੂੰ ਸਮਰਥਨ ਦਿੰਦਿਆਂ ਪੰਜਾਬੀਆਂ ਨੂੰ ਪਿੰਡ ਪੱਧਰ 'ਤੇ ਰੋਸ ਪ੍ਰਗਟ ਕਰਨ ਅਤੇ ਮੁੱਖ ਮੰਤਰੀ ਤੇ ਡੀ.ਜੀ.ਪੀ. ਦੇ ਅਸਤੀਫ਼ਿਆਂ ਦੀ ਮੰਗ ਉਠਾਉਣ ਦਾ ਸੱਦਾ ਦਿੱਤਾ ਹੈ।

ਮਹਾਨ ਗੁਰਮਤਿ ਸਮਾਗਮ ਧਾਰਮਿਕ ਦੀਵਾਨ

# ਪਿੰਡ ਸੰਗਤਪੁਰਾ ਮੋਹਾਲੀ ਨਿਊ ਚੰਡੀਗੜ੍ਹ ਵਿਖੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਨੇ ਧਾਰਮਿਕ ਦੀਵਾਨ ਸਜਾਇਆ













ਆਵਾਜ਼ਿ ਕੌਮ
AWAZE QAUM
International Newspaper & WEB TV







ਮਹਾਨ ਗੁਰਮਤਿ ਸਮਾਗਮ ਧਾਰਮਿਕ ਦੀਵਾਨ" ਪਿੰਡ ਸੰਗਤਪੁਰਾ ਮੋਹਾਲੀ ਨਿਊ ਚੰਡੀਗੜ੍ਹ ਵਿਖੇ 23 ਅਕਤੂਬਰ 2026 ਨੂੰ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਨੇ ਧਾਰਮਿਕ ਦੀਵਾਨ ਸਜਾਇਆ.ਇਸ ਮੌਕੇ ਬਾਬਾ ਗੁਲਾਬ ਸਿੰਘ ਜੀ ਚਮਕੌਰ ਸਾਹਿਬ ਵਾਲੇ,ਬਾਬਾ ਈਸ਼ਰ ਸਿੰਘ ਜੀ ਸੰਗਤਪੁਰੇ ਵਾਲੇ ਵੀ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243